SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ

# ਪੰਜਾਬੀ ਪੋਸਟ

Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 151 | Tuesday, August 08, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਰਾਤੋ ਰਾਤ ਤਿੰਨ ਟੋਅ ਟਰੱਕਸ ਨੂੰ ਲੱਗੀ ਅੱਗ ਨੂੰ ਸ਼ੱਕੀ ਮੰਨ ਕੇ ਜਾਂਚ ਕਰ ਰਹੀ ਹੈ ਪੁਲਿਸ

ਸਕਾਰਬਰੋ, 7 ਅਗਸਤ (ਪੋਸਟ ਬਿਊਰੋ) : ਐਤਵਾਰ ਰਾਤ ਨੂੰ ਸਕਾਰਬਰੋ ਵਿੱਚ ਤਿੰਨ ਟੋਅ ਟਰੱਕਸ ਨੂੰ ਲੱਗੀ ਅੱਗ ਦੇ ਮਾਮਲੇ ਦੀ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।



ਪੁਲਿਸ ਨੂੰ ਸਵੇਰੇ 4:31 ਵਜੇ ਬੈਲੇਮੀ ਰੋਡ ਨੌਰਥ ਤੇ ਐਗਲਿੰਟਨ ਐਵਨਿਊ ਈਸਟ ਸਥਿਤ ਇੱਕ ਬਹੁਮੰਜ਼ਿਲਾ ਇਮਾਰਤ ਦੇ ਪਾਰਕਿੰਗ ਲੌਟ ਵਿੱਚ ਇੱਕ ਟੋਅ ਟਰੱਕ ਨੂੰ ਅੱਗ ਲੱਗਣ ਦਾ ਪਤਾ ਲੱਗਿਆ। ਅੱਗ ਉੱਤੇ ਜਲਦ ਹੀ ਕਾਬੂ ਪਾ ਲਿਆ ਗਿਆ ਤੇ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਇਸ ਤੋਂ ਬਾਅਦ ਸਵੇਰੇ 4:32 ਉੱਤੇ ਪੁਲਿਸ ਨੂੰ ਇੱਕ ਦੂਜੀ ਕਾਲ ਆਈ ਕਿ ਵੇਅਫਰਡ ਕ੍ਰੀਸੈਂਟ ਤੇ ਜੌਹਨ ਟੇਬਰ ਟ੍ਰੇਲ ਉੱਤੇ ਸਥਿਤ ਇੱਕ ਘਰ ਵਿੱਚ ਦੋ ਗੱਡੀਆਂ, ਜਿਨ੍ਹਾਂ ਵਿੱਚੋਂ ਇੱਕ ਟੋਅ ਟ੍ਰੱਕ ਸੀ, ਨੂੰ ਅੱਗ ਲੱਗੀ ਹੋਈ ਹੈ। ਪੁਲਿਸ ਮੌਕੇ ਉਤੇ ਪਹੁੰਚੀ ਤੇ ਟੋਅ ਟਰੱਕ ਦੇ ਨਾਲ ਨਾਲ ਦੂਜੀ ਗੱਡੀ ਦੀ ਅੱਗ ਨੂੰ ਵੀ ਬੁਝਾਇਆ ਗਿਆ। ਇਹ ਸਪਸ਼ਟ ਨਹੀਂ ਹੋ ਸਕਿਆ ਕਿ ਪਹਿਲਾਂ ਕਿਸ ਗੱਡੀ ਨੂੰ ਅੱਗ ਲੱਗੀ।

ਇਸ ਤੋਂ ਥੋੜ੍ਹੀ ਦੇਰ ਬਾਅਦ ਹੀ ਸਵੇਰੇ 5:31 ਉੱਤੇ ਪੁਲਿਸ ਨੂੰ ਕਿੰਗਸਟਨ ਰੋਡ ਤੇ ਸ਼ੈਪਰਡ ਐਵਨਿਊ ਈਸਟ ਉੱਤੇ ਸਥਿਤ ਗੈਸ ਸਟੇਸ਼ਨ ਉੱਤੇ ਤੀਜੇ ਟੋਅ ਟ੍ਰੱਕ ਨੂੰ ਅੱਗ ਲੱਗੀ ਹੋਣ ਦੀ ਜਾਣਕਾਰੀ ਮਿਲੀ। ਇਸ ਅੱਗ ਉੱਤੇ ਵੀ ਕ੍ਰਿਊ ਵੱਲੋਂ ਕਾਬੂ ਪਾ ਲਿਆ ਗਿਆ। ਇਨ੍ਹਾਂ ਤਿੰਨਾਂ ਮਾਮਲਿਆਂ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ। ਪੁਲਿਸ ਦਾ ਕਹਿਣਾ ਹੈ ਕਿ ਇਹ ਤਿੰਨੇ ਮਾਮਲੇ ਸ਼ੱਕੀ ਹਨ ਪਰ ਇਹ ਇੱਕ ਦੂਜੇ ਨਾਲ ਸਬੰਧਤ ਹਨ ਇਸ ਬਾਰੇ ਅਜੇ ਕੋਈ ਸਪਸ਼ਟ ਜਵਾਬ ਨਹੀਂ ਮਿਲ ਸਕਿਆ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਜੁਲਾਈ ਵਿਚ ਬੇਰੋਜ਼ਗਾਰੀ ਦਰ 5.5 ਫੀ ਸਦੀ ਤੱਕ ਜਾ ਅੱਪੜੀ

ਓਟਵਾ, 7 ਅਗਸਤ (ਪੋਸਟ ਬਿਊਰੋ) : ਸਟੈਟੇਸਟਿਕ ਕੈਨੇਡਾ ਵੱਲੋਂ ਜਾਰੀ ਕੀਤੇ ਗਏ ਡਾਟਾ ਅਨੁਸਾਰ ਜੁਲਾਈ ਵਿੱਚ ਕੈਨੇਡਾ ਦੀ ਜੌਬ ਮਾਰਕਿਟ ਵਿੱਚ ਮਾਮੂਲੀ ਜਿਹਾ ਬਦਲਾਅ ਦਰਜ ਕੀਤਾ ਗਿਆ। ਇਸ ਮਹੀਨੇ ਬੇਰੋਜ਼ਗਾਰੀ ਦਰ 5.5 ਫੀ ਸਦੀ ਤੱਕ ਜਾ ਅੱਪੜੀ।




ਮਈ ਤੇ ਜੂਨ ਵਿੱਚ ਮਾਮੂਲੀ ਮੁਨਾਫੇ ਕਾਰਨ ਘੰਟਿਆਂ ਦੇ ਹਿਸਾਬ ਨਾਲ ਔਸਤਨ ਭੱਤਿਆਂ ਵਿੱਚ ਪੰਜ ਫੀ ਸਦੀ ਦਾ ਵਾਧਾ ਦਰਜ ਕੀਤਾ ਗਿਆ। ਕੈਨੇਡੀਅਨ ਅਰਥਚਾਰੇ ਨੂੰ 6400 ਨੌਕਰੀਆਂ ਦਾ ਨੁਕਸਾਨ ਹੋਇਆ। ਲਗਾਤਾਰ ਤੀਜੇ ਮਹੀਨੇ ਬੇਰੋਜ਼ਗਾਰੀ ਦਰ ਵਿੱਚ ਵਾਧਾ ਨੋਟ ਕੀਤਾ ਗਿਆ। ਵੱਧ ਰਹੀ ਕੰਮ ਦੀ ਮੰਗ ਕਾਰਨ ਰੋਜ਼ਗਾਰ ਸਿਰਜਣ ਵਿੱਚ ਦਿੱਕਤ ਪੇਸ਼ ਆਈ। ਅਰਥਸ਼ਾਸਤਰੀਆਂ ਵੱਲੋਂ 25,000 ਨੌਕਰੀਆਂ ਦਾ ਰਾਹ ਖੁੱਲ੍ਹਣ ਦੀ ਪੇਸ਼ੀਨਿਗੋਈ ਕੀਤੀ ਗਈ।

ਡੈਲੌਇਟ ਕੈਨੇਡਾ ਦੇ ਚੀਫ ਇਕਨੌਮਿਸਟ ਡਾਅਨ ਡੈਸਜਾਰਡਿਨਜ਼ ਨੇ ਆਖਿਆ ਕਿ ਨੌਕਰੀਆਂ ਸਬੰਧੀ ਰਿਪੋਰਟ ਦੇ ਉਮੀਦ ਨਾਲੋਂ ਕਮਜ਼ੋਰ ਹੋਣ ਕਾਰਨ ਅਸੀਂ ਲੇਬਰ ਮਾਰਕਿਟ ਦੀ ਮਾੜੀ ਸਥਿਤੀ ਦੀ ਗੱਲ ਨਹੀਂ ਕਰ ਰਹੇ। ਕੈਨੇਡਾ ਵਿੱਚ ਇਮੀਗ੍ਰੇਸ਼ਨ ਦੀ ਵੱਧ ਦਰ ਕਾਰਨ ਨੌਕਰੀ ਦੀ ਮੰਗ ਵੱਧ ਗਈ ਹੈ ਜਦਕਿ ਓਨੀ ਮਾਤਰਾ ਵਿੱਚ ਰੋਜ਼ਗਾਰ ਦੇ ਮੌਕੇ ਪੈਦਾ ਨਹੀਂ ਕੀਤੇ ਜਾ ਰਹੇ। ਇਸ ਲਈ ਬੇਰੋਜ਼ਗਾਰੀ ਦਰ ਵਿੱਚ ਵਾਧਾ ਵੇਖਣ ਨੂੰ ਮਿਲ ਰਿਹਾ ਹੈ।

ਇੱਕ ਪਾਸੇ ਜਿੱਥੇ ਜੁਲਾਈ ਵਿੱਚ ਕੰਸਟ੍ਰਕਸ਼ਨ ਇੰਡਸਟਰੀ ਵਿੱਚ 45000 ਨੌਕਰੀਆਂ ਖੁੱਸੀਆਂ ਹਨ ਜਦਕਿ ਇਸੇ ਦੌਰਾਨ ਹੈਲਥ ਕੇਅਰ ਤੇ ਸੋਸ਼ਲ ਅਸਿਸਟੈਂਸ ਸੈਕਟਰ ਵਿੱਚ 25,000 ਨੌਕਰੀਆਂ ਜੁੜੀਆਂ ਵੀ ਹਨ।

## ਕੋਵਿਡ-19 ਦਾ ਨਵਾਂ ਵੇਰੀਐਂਟ ਆਇਆ ਸਾਹਮਣੇ

ਓਟਵਾ, 7 ਅਗਸਤ (ਪੋਸਟ ਬਿਊਰੋ) :ਕੋਵਿਡ-19 ਦਾ ਨਵਾਂ ਵਰੀਐਂਟ ਸਾਹਮਣੇ ਆਇਆ ਹੈ। ਇਸ ਨਾਲ ਸਾਰਿਆਂ ਨੂੰ ਇਹ ਚੇਤੇ ਰੱਖਣ ਦੀ ਲੋੜ ਹੈ ਕਿ ਕਰੋਨਾਵਾਇਰਸ ਖੁਦ ਆਪਣੇ ਵਿੱਚ ਬਦਲਾਅ ਲਿਆ ਸਕਦਾ ਹੈ ਤੇ ਦੁਨੀਆ ਭਰ ਵਿੱਚ ਫੈਲ ਸਕਦਾ ਹੈ। ਜਿਸ ਨਾਲ ਵੱਡੀ ਮਾਤਰਾ ਵਿੱਚ ਆਬਾਦੀ ਪ੍ਰਭਾਵਿਤ ਹੋ ਸਕਦੀ ਹੈ।




ਇਸ ਵੇਰੀਐਂਟ ਨੂੰ ਈਜੀ.5 ਦਾ ਨਾਂ ਦਿੱਤਾ ਗਿਆ ਹੈ ਤੇ ਇਹ ਓਮਾਇਕ੍ਰੌਨ ਦਾ ਵੰਸ਼ਜ ਹੈ। ਵਰਲਡ ਹੈਲਥ ਆਰਗੇਨਾਈਜ਼ੇਸ਼ਨ (ਡਬਲਿਊਐਚਓ) ਨੇ ਈਜੀ.5 ਨੂੰ ਆਪਣੀ ਤਾਜ਼ਾ ਸਰਕੂਲੇਟ ਹੋ ਰਹੇ ਵੇਰੀਐਂਟਸ ਦੀ ਲਿਸਟ ਵਿੱਚ ਸ਼ਾਮਲ ਕਰ ਲਿਆ ਹੈ ਤੇ 19 ਜੁਲਾਈ ਤੋਂ ਇਸ ਉੱਤੇ ਨਜ਼ਰ ਰੱਖੀ ਜਾ ਰਹੀ ਹੈ।ਹੁਣ ਤੱਕ ਇਸ ਵੇਰੀਐਂਟ ਦੇ ਮਾਮਲੇ ਯੂਨਾਈਟਿਡ ਕਿੰਗਡਮ, ਅਮਰੀਕਾ ਤੇ ਕਈ ਹੋਰਨਾਂ ਥਾਂਵਾਂ ਉੱਤੇ ਵੇਖਣ ਨੂੰ ਮਿਲੇ ਹਨ।

ਤਾਜ਼ਾ ਡਾਟਾ ਅਨੁਸਾਰ ਯੂਕੇ ਵਿੱਚ ਦਰਜ ਕੀਤੇ ਜਾਣ ਵਾਲੇ ਕੋਵਿਡ-19 ਦੇ ਮਾਮਲਿਆਂ ਵਿੱਚੋਂ ਸੱਤ ਵਿੱਚ ਇੱਕ ਮਾਮਲਾ ਇਸੇ ਵੇਰੀਐਂਟ ਦਾ ਹੈ। ਯੂਕੇ ਹੈਲਥ ਸਕਿਊਰਿਟੀ ਏਜੰਸੀ ਦੇ ਤਾਜ਼ਾ ਡਾਟਾ ਅਨੁਸਾਰ ਈਜੀ.5 ਦੇ ਕੁੱਲ ਮਾਮਲੇ 14.6 ਫੀ ਸਦੀ ਬਣਦੇ ਹਨ। ਇਸ ਦੌਰਾਨ ਯੂਨੀਵਰਸਿਟੀ ਹੈਲਥ ਨੈੱਟਵਰਕ, ਟੋਰਾਂਟੋ ਵਿਖੇ ਇਨਫੈਕਸ਼ੀਅਸ ਡਜ਼ੀਜ਼ ਸਪੈਸ਼ਲਿਸਟ ਡਾ. ਇਸਾਕ ਬੋਗੋਚ ਦਾ ਕਹਿਣਾ ਹੈ ਕਿ ਇਸ ਹਿਸਾਬ ਨਾਲ ਤਾਂ ਈਜੀ.5 ਦੇ ਮਾਮਲੇ ਕੈਨੇਡਾ ਵਿੱਚ ਵੀ ਜਲਦ ਹੀ ਮਿਲਣ ਲੱਗਣਗੇ। ਇਹ ਸਾਰੇ ਕਿਤੇ ਹੀ ਵੇਖਣ ਨੂੰ ਮਿਲ ਰਿਹਾ ਹੈ।ਜੇ ਅਜਿਹਾ ਹੈ ਤਾਂ ਇਸ ਦੇ ਫੈਲਣ ਵਿੱਚ ਵੀ ਦੇਰ ਨਹੀਂ ਲੱਗੇਗੀ।

## ਸਕਾਰਬਰੋ ਵਿਚ ਦੋ ਗੱਡੀਆਂ ਦੀ ਟੱਕਰ ਵਿਚ 3 ਜ਼ਖ਼ਮੀ

ਸਕਾਰਬਰੋ, 7 ਅਗਸਤ (ਪੋਸਟ ਬਿਊਰੋ) : ਐਤਵਾਰ ਰਾਤ ਨੂੰ ਸਕਾਰਬਰੋ ਵਿੱਚ ਦੋ ਗੱਡੀਆਂ ਦੀ ਟੱਕਰ ਵਿੱਚ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ।

ਟੋਰਾਂਟੋ ਪੁਲਿਸ ਦਾ ਕਹਿਣਾ ਹੈ ਕਿ ਲਾਅਰੈਂਸ ਐਵਨਿਊ ਤੇ ਬ੍ਰਿਮਲੇ ਰੋਡ ਦੇ ਇੰਟਰਸੈਕਸ਼ਨ ਨੇੜੇ ਰਾਤੀਂ 10:15 ਵਜੇ




ਦੋ ਗੱਡੀਆਂ ਆਪਸ ਵਿੱਚ ਟਕਰਾ ਗਈਆਂ ਤੇ ਇਨ੍ਹਾਂ ਵਿੱਚੋਂ ਇੱਕ ਪਲਟ ਗਈ। ਟੋਰਾਂਟੋ ਪੈਰਾਮੈਡਿਕਸ ਅਨੁਸਾਰ ਇੱਕ ਮਹਿਲਾ, ਜੋ ਕਿ ਆਪਣੇ 30ਵਿਆਂ ਵਿੱਚ ਸੀ, ਨੂੰ ਗੰਭੀਰ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ।

ਦੋ ਹੋਰਨਾਂ ਵਿਅਕਤੀਆਂ ਨੂੰ ਵੀ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਸਮੇਂ ਜ਼ਖ਼ਮੀਆਂ ਦੀ ਸਥਿਤੀ ਬਾਰੇ ਕੋਈ ਹੋਰ ਜਾਣਕਾਰੀ ਹਾਸਲ ਨਹੀਂ ਹੋ ਸਕੀ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

INSURANCE
Home Auto
Business Trucking
Life Insurance Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੌਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE IN $0
JENNAIR CAFÉ KitchenAid Electrolux LG FRIGIDAIRE elica BOSCH Whirlpool GE MAYTAG AMANA SAMSUNG VentAHood Hisense Danby
Unit #1, 241 Clarence Street, Brampton, ON, L6W 3E7, (416) 551-3343
44 Fasken Dr, Unit#2-9, Etobicoke, ON, M9W 5M8, (416) 792-0877
5781 Highway 7 Unit 10, Vaughan, ON, L4L 1T8, (416) 477-5556
1050 Speers Road, Oakville, ON, L6L 2X4, (416) 613-0555
Unit #6 - 410 Lewis Road, Stoney Creek, ON, L8E 5Y7, (905) 643-0818
Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd. 1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
Licence $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified Licence & Training First Call to us
Cell: 416 726 6206 Tel: 905 405 0001
NC Dhawan Certified Instructor

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਵਸਾਗਾ ਬੀਚ ਉੱਤੇ ਦੋ ਵਾਟਰਕ੍ਰਾਫਟਸ ਦੀ ਹੋਈ ਟੱਕਰ, ਇੱਕ ਹਲਾਕ, ਇੱਕ ਜ਼ਖ਼ਮੀ




ਓਨਟਾਰੀਓ, 7 ਅਗਸਤ (ਪੋਸਟ ਬਿਊਰੋ) : ਐਤਵਾਰ ਨੂੰ ਵਸਾਗਾ ਬੀਚ ਉੱਤੇ ਦੋ ਨਿਜੀ ਵਾਟਰਕ੍ਰਾਫਟਸ ਦੀ ਹੋਈ ਟੱਕਰ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਜਦਕਿ ਇੱਕ ਹੋਰ ਜ਼ਖ਼ਮੀ ਹੋ ਗਿਆ। ਇਸ ਮਾਮਲੇ ਦੀ ਜਾਂਚ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਦੀ ਹੁਰੌਨੀਆ ਵੈਸਟ ਡਵੀਜ਼ਨ ਵੱਲੋਂ ਕੀਤੀ ਜਾ ਰਹੀ ਹੈ।

ਵਸਾਗਾ ਬੀਚ ਟਾਊਨ ਵਿੱਚ ਮੋਸਲੇ ਸਟਰੀਟ ਉੱਤੇ ਨਿਜੀ ਵਾਟਰਕ੍ਰਾਫਟ ਰੈਂਟਲ ਬਿਜ਼ਨਸ ਚਲਾਉਣ ਵਾਲੀ ਕੰਪਨੀ ਨੇ ਸ਼ਾਮੀਂ 6:15 ਉੱਤੇ ਇਸ ਘਟਨਾ ਦੀ ਜਾਣਕਾਰੀ ਪੁਲਿਸ ਨੂੰ ਦਿੱਤੀ। ਇਸ ਹਾਦਸੇ ਵਿੱਚ ਸ਼ਾਮਲ 28 ਸਾਲਾ ਵਿਅਕਤੀ ਨੂੰ ਲੋਕਲ ਹਸਪਤਾਲ ਲਿਜਾਇਆ ਗਿਆ ਜਿੱਥੇ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਮਾਮੂਲੀ ਜ਼ਖ਼ਮੀ ਹਾਲਤ ਵਿੱਚ ਇੱਕ ਹੋਰ ਵਿਅਕਤੀ ਨੂੰ ਵੀ ਹਸਪਤਾਲ ਲਿਜਾਇਆ ਗਿਆ।

ਟਰਾਂਸਪੋਰਟ ਕੈਨੇਡਾ ਤੇ ਲੇਬਰ ਮੰਤਰਾਲੇ ਦੋਵਾਂ ਨੂੰ ਹੀ ਇਸ ਘਟਨਾ ਦੀ ਜਾਣਕਾਰੀ ਦਿੱਤੀ ਗਈ ਹੈ। ਸੈਂਟਰਲ ਰੀਜਨ ਟ੍ਰੈਫਿਕ ਇੰਸੀਡੈਂਟ ਮੈਨੇਜਮੈਂਟ ਐਨਫੋਰਸਮੈਂਟ (ਟਾਈਮ) ਟੀਮ ਵੀ ਮਾਮਲੇ ਦੀ ਜਾਂਚ ਲਈ ਮੌਕੇ ਉੱਤੇ ਮੌਜੂਦ ਸੀ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਇਟਲੀ ਵਿਚ ਕਿਸ਼ਤੀ ਹਾਦਸੇ ਦੌਰਾਨ ਦੋ ਪ੍ਰਵਾਸੀਆਂ ਦੀ ਮੌਤ, 30 ਲਾਪਤਾ

ਰੋਮ, 7 ਅਗਸਤ (ਪੋਸਟ ਬਿਊਰੋ): ਇਟਲੀ ਦੇ ਲੈਂਪੇਡੁਸਾ ਟਾਪੂ ਨੇੜੇ ਖਰਾਬ ਮੌਸਮ ਕਾਰਨ ਦੋ ਜਹਾਜ਼ ਪਲਟਣ ਕਾਰਨ ਘੱਟੋ-ਘੱਟ ਦੋ ਪ੍ਰਵਾਸੀਆਂ ਦੀ ਮੌਤ ਹੋ ਗਈ ਅਤੇ 30 ਤੋਂ ਵੱਧ ਲਾਪਤਾ ਹੋ ਗਏ। ਇਕ ਪੁਲਸ ਅਧਿਕਾਰੀ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਸਥਾਨਕ ਮੀਡੀਆ ਅਨੁਸਾਰ ਸਥਾਨਕ ਸਮੇਂ ਅਨੁਸਾਰ ਐਤਵਾਰ ਤੜਕੇ ਲੈਂਪੇਡੁਸਾ ਤੋਂ ਲਗਭਗ 43 ਕਿਲੋਮੀਟਰ ਦੱਖਣ-ਪੱਛਮ ਵਿੱਚ ਉੱਚੀਆਂ ਲਹਿਰਾਂ ਦੀ ਲਪੇਟ ਵਿੱਚ ਆਉਣ ਤੋਂ ਬਾਅਦ ਦੋ ਜਹਾਜ਼ ਪਲਟ ਗਏ। ਜਿਸ ਕਾਰਨ ਦੋ ਲੋਕਾਂ ਦੀ ਮੌਤ ਹੋ ਗਈ ਅਤੇ 30 ਤੋਂ ਵੱਧ ਲੋਕ ਲਾਪਤਾ ਦੱਸੇ ਜਾ ਰਹੇ ਹਨ। ਇਸ ਤੋਂ ਇਲਾਵਾ ਬਚਾਅ ਕਰਮੀਆਂ ਨੇ ਮੌਕੇ 'ਤੇ ਪਹੁੰਚ ਕੇ ਕਰੀਬ 57 ਲੋਕਾਂ ਨੂੰ ਬਚਾਇਆ। ਇਹ ਜਹਾਜ਼ ਟਿਊਨੀਸ਼ੀਆ ਤੋਂ ਰਵਾਨਾ ਹੋਇਆ ਸੀ। ਮਰਨ ਵਾਲਿਆਂ ਵਿੱਚ ਇੱਕ 18 ਮਹੀਨੇ ਦਾ ਬੱਚਾ ਅਤੇ ਇੱਕ ਔਰਤ ਸ਼ਾਮਲ ਹੈ।



ਸਿਸਲੀ ਦੇ ਐਗਰੀਜੈਂਟੋ ਵਿੱਚ ਜਨਤਕ ਸੁਰੱਖਿਆ ਦੇ ਇੰਚਾਰਜ ਇਮੈਨੁਏਲ ਰਿਸੀਫੀਕਰੀ ਨੇ ਕਿਹਾ ਕਿ "ਇਹ ਦੁਖਦਾਈ ਘਟਨਾਵਾਂ ਹਨ। ਮਰਨ ਵਾਲਿਆਂ ਦੀ ਗਿਣਤੀ ਵਧ ਸਕਦੀ ਹੈ। ਰਿਸੀਫਾਰੀ ਨੇ ਕਿਹਾ ਕਿ ਖਰਾਬ ਮੌਸਮ ਅਗਲੇ ਕਈ ਦਿਨਾਂ ਤੱਕ ਜਾਰੀ ਰਹਿਣ ਦੀ ਸੰਭਾਵਨਾ ਹੈ, ਇਸ ਲਈ ਲਾਪਤਾ ਪ੍ਰਵਾਸੀਆਂ ਦੇ ਬਚਣ ਦੀ ਸੰਭਾਵਨਾ ਘੱਟ ਹੈ। ਲੈਂਪੇਡੁਸਾ ਵਿਖੇ ਸਮੁੰਦਰੀ ਜਹਾਜ਼ ਨੇ ਤੱਟ ਤੋਂ ਕੁਝ ਦੂਰੀ 'ਤੇ ਚੱਟਾਨਾਂ ਨੂੰ ਟੱਕਰ ਮਾਰ ਦਿੱਤੀ। ਜਹਾਜ਼ ਵਿਚ ਸਵਾਰ 34 ਪ੍ਰਵਾਸੀ ਡੁੱਬਣ ਤੋਂ ਬਚਣ ਲਈ ਇਕ ਉੱਚੀ ਚੱਟਾਨ 'ਤੇ ਚੜ੍ਹ ਗਏ ਅਤੇ 36 ਘੰਟਿਆਂ ਬਾਅਦ ਬਚਾਅ ਕਰਮਚਾਰੀਆਂ ਦੁਆਰਾ ਉਨ੍ਹਾਂ ਨੂੰ ਸੁਰੱਖਿਅਤ ਲਿਆਂਦਾ ਗਿਆ। ਹਵਾਈ ਸੈਨਾ ਅਤੇ ਫਾਇਰ ਬ੍ਰਿਗੇਡ ਨੇ ਐਤਵਾਰ ਨੂੰ ਹੈਲੀਕਾਪਟਰਾਂ ਰਾਹੀਂ ਡੁੱਬੇ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ। ਇਨ੍ਹਾਂ ਵਿੱਚੋਂ ਤਿੰਨ ਨੂੰ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ। ਕਿਸੇ ਦੇ ਗੰਭੀਰ ਜ਼ਖਮੀ ਹੋਣ ਦੀ ਕੋਈ ਖਬਰ ਨਹੀਂ ਹੈ।

## ਅੱਜ ਨਾਮਾ

ਰਾਹੁਲ ਸੰਸਦ ਦੇ ਵਿੱਚ ਸੀ ਫੇਰ ਆਇਆ,
ਉਸ ਦੇ ਸਾਥੀਆਂ ਨੇ ਕਰਿਆ ਮਾਣ ਮੀਆਂ।
ਹਾਕਮ ਧਿਰਾਂ ਨੂੰ ਚੋਭ ਜਿਹੀ ਲਾਉਣ ਮੀਆਂ,
ਚਿੜਾਉਂਦੇ ਪੁੱਛਦੇ, ਲਾ ਲਿਆ ਤਾਣ ਮੀਆਂ।
ਜਿਹੜੀ ਕੀਤੀ ਗਈ ਰਾਹੁਲ'ਤੇ ਕਾਰਵਾਈ,
ਝਲਕਦੀ ਦਿੱਸ ਰਹੀ ਰਾਜਸੀ ਕਾਣ ਮੀਆਂ।
ਦੁਵੱਲੀ ਚੱਲੀ ਪਈ ਜਿਹੋ ਜਿਹੀ ਖਹਿਬਾਜ਼ੀ,
ਨਿਯਮ-ਅਸੂਲ ਦਾ ਹੁੰਦਾ ਈ ਘਾਣ ਮੀਆਂ।
ਮੁੱਦੇ ਕਿਸੇ ਦੀ ਖਹਿਬੜ ਤਾਂ ਹਰਜ ਕੋਈ ਨਾ,
ਮੁੱਦਿਓਂ ਬਿਨਾਂ ਇਹ ਰਹੇ ਆ ਝਗੜ ਮੀਆਂ।
ਜਿਸ ਦੇ ਹੱਥ ਵਿੱਚ ਸੱਤਾ ਦੀ ਡੋਰ ਆਉਂਦੀ,
ਚਾਹੁੰਦਾ ਏ ਦੂਜਿਆਂ ਨੂੰ ਦੇਵਾਂ ਰਗੜ ਮੀਆਂ।

**ਤੀਸ ਮਾਰ ਖਾਂ**

## ਛੁਰੇਬਾਜ਼ੀ ਵਿੱਚ 2 ਜ਼ਖ਼ਮੀ

ਓਨਟਾਰੀਓ, 7 ਅਗਸਤ (ਪੋਸਟ ਬਿਊਰੋ) : ਸੋਮਵਾਰ ਸਵੇਰੇ ਕੌਰਕਟਾਊਨ ਏਰੀਆ ਵਿੱਚ ਛੁਰੇਬਾਜ਼ੀ ਦੀ ਵਾਪਰੀ ਘਟਨਾ ਵਿੱਚ ਦੋ ਵਿਅਕਤੀ ਜ਼ਖ਼ਮੀ ਹੋ ਗਏ।

ਟੋਰਾਂਟੋ ਪੁਲਿਸ ਦਾ ਕਹਿਣਾ ਹੈ ਕਿ ਇਹ ਘਟਨਾ ਸਵੇਰੇ 4:30 ਵਜੇ ਤੋਂ ਪਹਿਲਾਂ ਪਾਰਲੀਆਮੈਂਟ ਤੇ ਕੁਈਨ ਸਟਰੀਟਸ ਨੇੜੇ ਵਾਪਰੀ। ਦੋਵਾਂ ਜ਼ਖ਼ਮੀਆਂ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਅਜੇ ਤੱਕ ਕਿਸੇ ਮਸ਼ਕੂਕ ਦੇ ਸਬੰਧ ਵਿੱਚ ਕੋਈ ਜਾਣਕਾਰੀ ਹਾਸਲ ਨਹੀਂ ਹੋਈ ਹੈ। ਜਾਂਚ ਲਈ ਕੁਈਨ ਸਟਰੀਟ ਨੂੰ ਪਾਰਲੀਆਮੈਂਟ ਤੇ ਪਾਵਰ ਸਟਰੀਟਸ ਦਰਮਿਆਨ ਬੰਦ ਕਰ ਦਿੱਤਾ ਗਿਆ ਹੈ।




## ਦੁਬਈ ਵਿਚ ਉਡਾਨ ਭਰਨ ਤੋਂ ਪਹਿਲਾਂ ਜਹਾਜ਼ ਵਿਚੋਂ ਬਾਹਰ ਨਿਕਲਿਆ ਰਿੱਛ

ਦੁਬਈ, 7 ਅਗਸਤ (ਪੋਸਟ ਬਿਊਰੋ): ਦੁਬਈ ਤੋਂ ਉਡਾਣ ਭਰਨ ਤੋਂ ਠੀਕ ਪਹਿਲਾਂ ਇਰਾਕ ਜਾਣ ਵਾਲੀ ਏਅਰਲਾਈਨ ਦੇ ਕਾਰਗੋ ਵਿੱਚੋਂ ਇੱਕ ਰਿੱਛ ਨਿਕਲ ਆਇਆ। ਇਸ ਨਾਲ ਹਵਾਈ ਅੱਡੇ 'ਤੇ ਹਫੜਾ-ਦਫੜੀ ਮਚ ਗਈ। ਇਸ ਦੇ ਨਾਲ ਹੀ ਜਹਾਜ਼ ਦੀ ਉਡਾਣ ਵਿਚ ਇਕ ਘੰਟੇ ਦੀ ਦੇਰੀ ਹੋਈ, ਜਿਸ 'ਤੇ ਯਾਤਰੀਆਂ ਨੇ ਸਖਤ ਨਾਰਾਜ਼ਗੀ ਜ਼ਾਹਰ ਕੀਤੀ। ਹਾਲਾਤ ਇਹ ਬਣ ਗਏ ਸਨ ਕਿ ਜਹਾਜ਼ ਦੇ ਕਪਤਾਨ ਨੂੰ ਖੁਦ ਯਾਤਰੀਆਂ ਤੋਂ ਮੁਆਫੀ ਮੰਗਣੀ ਪਈ।



ਇਰਾਕ ਦੇ ਪ੍ਰਧਾਨ ਮੰਤਰੀ ਨੇ ਪੂਰੇ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਹਨ। ਇਸ ਦੇ ਨਾਲ ਹੀ ਇਰਾਕ ਦੀ ਏਅਰਲਾਈਨ ਨੇ ਕਿਹਾ ਹੈ ਕਿ ਇਸ ਮਾਮਲੇ 'ਚ ਉਨ੍ਹਾਂ ਦਾ ਕੋਈ ਕਸੂਰ ਨਹੀਂ ਹੈ। ਉਸ ਨੇ ਰਿੱਛ ਨੂੰ ਸ਼ਾਂਤ ਕਰਨ ਲਈ ਦੁਬਈ ਦੇ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦਿੱਤਾ ਸੀ। ਇਸ ਦੇ ਬਾਵਜੂਦ ਉਨ੍ਹਾਂ ਨੂੰ ਇਹ ਨਹੀਂ ਪਤਾ ਕਿ ਰਿੱਛ ਜਹਾਜ਼ ਦੇ ਕਾਰਗੋ ਤੋਂ ਬਾਹਰ ਕਿਵੇਂ ਨਿਕਲਿਆ।

ਇਰਾਕ ਏਅਰਵੇਜ਼ ਮੁਤਾਬਕ ਰਿੱਛ ਨੂੰ ਦੁਬਈ ਤੋਂ ਬਗਦਾਦ ਲਿਆਂਦਾ ਜਾ ਰਿਹਾ ਸੀ। ਏਅਰਲਾਈਨ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਰਿੱਛ ਨੂੰ ਲਿਜਾਣ ਲਈ ਇੰਟਰਨੈਸ਼ਨਲ ਏਅਰ ਟ੍ਰਾਂਸਪੋਰਟ ਐਸੋਸੀਏਸ਼ਨ ਦੇ ਸਾਰੇ ਮਾਪਦੰਡਾਂ ਦੀ ਪਾਲਣਾ ਕੀਤੀ।

ਜਦੋਂ ਰਿੱਛ ਜਹਾਜ਼ ਤੋਂ ਬਾਹਰ ਨਿਕਲਿਆ ਤਾਂ ਸਾਰੇ ਯਾਤਰੀਆਂ ਨੂੰ ਬਾਹਰ ਕੱਢ ਲਿਆ ਗਿਆ। ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਵੀਡੀਓ 'ਚ ਕੁਝ ਲੋਕ ਰਿੱਛ ਨੂੰ ਵਾਪਸ ਕਾਰਗੋ ਵਿਚ ਪਾਉਂਦੇ ਨਜ਼ਰ ਆ ਰਹੇ ਹਨ। ਘਟਨਾ 'ਚ ਕਿਸੇ ਯਾਤਰੀ ਨੂੰ ਸੱਟ ਨਹੀਂ ਲੱਗੀ।

ਦੁਬਈ ਦੁਨੀਆਂ ਦਾ ਸਭ ਤੋਂ ਮਸਰੂਫ ਅੰਤਰਰਾਸ਼ਟਰੀ ਹਵਾਈ ਅੱਡਾ ਹੈ। ਉਨ੍ਹਾਂ ਇਸ ਮਾਮਲੇ ਵਿੱਚ ਕੋਈ ਵੀ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਇਸ ਦੇ ਨਾਲ ਹੀ ਕਿਸੇ ਵੀ ਅਧਿਕਾਰੀ ਨੇ ਰਿੱਛ ਦੇ ਮਾਲਕ ਦਾ ਨਾਂ ਦੱਸਣ ਤੋਂ ਇਨਕਾਰ ਕਰ ਦਿੱਤਾ। ਇਰਾਕ ਵਿਚ ਅਮੀਰ ਅਤੇ ਮਸ਼ਹੂਰ ਲੋਕਾਂ ਵਿਚ ਰਿੱਛ ਰੱਖਣ ਦਾ ਰੁਝਾਨ ਲਗਾਤਾਰ ਵਧਦਾ ਜਾ ਰਿਹਾ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਅਮਰੀਕਾ ਵਿਚ ਪ੍ਰਸਿੱਧ ਕੈਂਸਰ ਡਾਕਟਰ ਨੇ ਆਪਣੇ ਬੱਚੇ ਨੂੰ ਗੋਲੀ ਮਾਰ ਕੇ ਮਾਰਿਆ, ਫਿਰ ਆਪ ਵੀ ਕੀਤੀ ਖ਼ੁਦਕੁਸ਼ੀ



ਨਿਊਯਾਰਕ, 7 ਅਗਸਤ (ਪੋਸਟ ਬਿਊਰੋ): ਅਮਰੀਕਾ ਵਿਚ ਨਿਊਯਾਰਕ ਸਿਟੀ ਦੀ ਇੱਕ ਕੈਂਸਰ ਡਾਕਟਰ ਨੇ ਬੀਤੇ ਦਿਨ ਆਪਣੇ ਵੈਸਟਚੈਸਟਰ ਦੇ ਘਰ ਵਿੱਚ ਆਪਣੇ ਬੱਚੇ ਦਾ ਕਤਲ ਕਰ ਦਿੱਤਾ ਅਤੇ ਫਿਰ ਖੁਦਕੁਸ਼ੀ ਕਰ ਲਈ। ਪੁਲਸ ਦਾ ਮੰਨਣਾ ਹੈ ਕਿ ਇਹ ਕਤਲ ਇਕ ਆਤਮਘਾਤੀ ਸੀ। ਡਾਕਟਰ ਕ੍ਰਿਸਟਲ ਕੈਸੇਟਾ (40) ਮਾਊਂਟ ਸਿਨਾਈ ਹਸਪਤਾਲ ਵਿੱਚ ਇੱਕ ਹੇਮਾਟੋਲੋਜੀ-ਆਨਕੋਲੋਜੀ ਮਾਹਰ ਸੀ, ਜਿਸ ਨੇ ਪਹਿਲਾਂ ਆਪਣੇ ਬੱਚੇ ਨੂੰ ਗੋਲੀ ਮਾਰੀ ਅਤੇ ਫਿਰ ਖ਼ੁਦ ਨੂੰ ਗੋਲੀ ਮਾਰ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਨਿਊਯਾਰਕ ਦੀ ਪੁਲਸ ਨੇ ਇੱਕ ਬਿਆਨ ਵਿੱਚ ਕਿਹਾ ਕਿ "ਮੁਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਸਵੇਰ ਵੇਲੇ ਕ੍ਰਿਸਟਲ ਕੈਸੇਟਾ ਨੇ ਆਪਣੇ ਬੱਚੇ ਦੇ ਕਮਰੇ ਵਿੱਚ ਦਾਖਲ ਹੋ ਕੇ ਉਸ ਨੂੰ ਗੋਲੀ ਮਾਰ ਦਿੱਤੀ ਅਤੇ ਫਿਰ ਖ਼ੁਦ 'ਤੇ ਗੋਲੀ ਚਲਾ ਲਈ। ਡੇਲੀ ਮੇਲ ਅਨੁਸਾਰ ਇਹ ਘਟਨਾ ਸੋਮਰਸ ਵਿੱਚ ਸਥਿੱਤ ਉਸਦੇ ਘਰ ਵਿੱਚ ਵਾਪਰੀ, ਜੋ ਇਕ ਮਿਲੀਅਨ ਡਾਲਰ ਦੇ ਕਰੀਬ ਦਾ ਘਰ ਹੈ ਅਤੇ ਉਸਨੇ ਆਪਣੇ ਪਤੀ ਟਿਮ ਟੈਲਟੀ ਨਾਲ ਸਾਂਝਾ ਕੀਤਾ ਸੀ।

# ਮੁੱਖ ਮੰਤਰੀ ਭਗਵੰਤ ਮਾਨ ਨੇ 'ਆਪ' ਪੰਜਾਬ ਇਕਾਈ ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸਹੁੰ ਚੁਕਾਈ




ਚੰਡੀਗੜ੍ਹ, 7 ਅਗਸਤ (ਪੋਸਟ ਬਿਊਰੋ): ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਭਗਵੰਤ ਮਾਨ ਨੇ ਆਪ ਪੰਜਾਬ ਇਕਾਈ ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸਹੁੰ ਚੁਕਾਈ। ਸੋਮਵਾਰ ਨੂੰ ਚੰਡੀਗੜ੍ਹ ਸੈਕਟਰ- 35 ਮਿਊਂਸਿਪਲ ਭਵਨ ਵਿੱਚ ਪਾਰਟੀ ਵੱਲੋਂ ਸਹੁੰ ਚੁੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਸਹੁੰ ਸਮਾਗਮ ਵਿੱਚ ਪਾਰਟੀ ਦੇ ਪੰਜਾਬ ਪ੍ਰਧਾਨ ਭਗਵੰਤ ਮਾਨ ਨੇ ਵਿਸ਼ੇਸ਼ ਤੌਰ ਉੱਤੇ ਪਾਰਟੀ ਦੇ ਉੱਘੇ ਨੇਤਾ ਅਤੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੂੰ ਸੂਬਾ ਕਾਰਜਕਾਰੀ ਪ੍ਰਧਾਨ, ਜਗਰੂਪ ਸਿੰਘ ਸੇਖਵਾਂ ਨੂੰ ਸੂਬਾ ਜਨਰਲ ਸਕੱਤਰ, ਦਵਿੰਦਰਜੀਤ ਸਿੰਘ ਲਾਡੀ ਢੋਸ ਨੂੰ ਸੂਬਾ ਯੂਥ ਵਿੰਗ ਪ੍ਰਧਾਨ ਦੇ ਅਹੁਦੇ ਦੀ ਸਹੁੰ ਚੁਕਵਾਈ। ਉੱਥੇ ਹੀ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਜਸਵੀਰ ਸਿੰਘ ਰਾਜਾ ਗਿੱਲ, ਜਗਦੀਪ ਸਿੰਘ ਕਾਕਾ ਬਰਾੜ ਅਤੇ ਤਰੁਣਪ੍ਰੀਤ ਸਿੰਘ ਨੂੰ ਸੂਬਾ ਉਪ-ਪ੍ਰਧਾਨ ਦੇ ਤੌਰ ਉੱਤੇ ਸਹੁੰ ਚੁਕਵਾਈ ।

ਸਮਾਗਮ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਸਮੂਹ ਪਾਰਟੀ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ ਅਤੇ ਸੂਬੇ ਵਿੱਚ ਪਾਰਟੀ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਅਗਲੀ ਚੋਣਾਂ ਨੂੰ ਲੈ ਕੇ ਪਾਰਟੀ ਦੀਆਂ ਰਣਨੀਤੀਆਂ ਉੱਤੇ ਗੰਭੀਰ ਚਰਚਾ ਕੀਤੀ । ਬੈਠਕ ਵਿੱਚ ਸੂਬਾ ਪ੍ਰਧਾਨ ਭਗਵੰਤ ਮਾਨ ਤੋਂ ਇਲਾਵਾ ਆਮ ਆਦਮੀ ਪਾਰਟੀ ਪੰਜਾਬ ਮਾਮਲਿਆਂ ਦੇ ਪ੍ਰਭਾਰੀ ਜਰਨੈਲ ਸਿੰਘ ਅਤੇ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੀ ਮੌਜੂਦ ਰਹੇ।

ਬੈਠਕ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਇਕਾਈ ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਮੈਨੂੰ ਪੂਰੀ ਉਮੀਦ ਹੈ ਕਿ ਸਾਡੀ ਨਵੀਂ ਟੀਮ ਆਮ ਆਦਮੀ ਪਾਰਟੀ ਨੂੰ ਪੰਜਾਬ ਵਿੱਚ ਸੰਗਠਨਾਤਮਕ ਤੌਰ ਉੱਤੇ ਹੋਰ ਮਜ਼ਬੂਤੀ ਪ੍ਰਦਾਨ ਕਰੇਗੀ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਨੂੰ ਪੰਜਾਬ ਦੇ ਘਰ-ਘਰ ਤੱਕ ਪਹੁੰਚਾਏਗੀ।

# ਗ਼ੁਲਾਮ ਨਬੀ ਆਜ਼ਾਦ ਨੇ ਧਾਰਾ 370 ਜੰਮੂ-ਕਸ਼ਮੀਰ ਲਈ ਲਾਭਦਾਇਕ ਦੱਸਿਆ, ਇਸ ਨੂੰ ਜ਼ਬਰਦਸਤੀ ਹਟਾਇਆ ਗਿਆ




ਜੰਮੂ, 7 ਅਗਸਤ (ਪੋਸਟ ਬਿਊਰੋ): ਕਾਂਗਰਸ ਦੇ ਸਾਬਕਾ ਨੇਤਾ ਅਤੇ ਡੈਮੋਕ੍ਰੇਟਿਕ ਪ੍ਰੋਗਰੈਸਿਵ ਆਜ਼ਾਦ ਪਾਰਟੀ (ਡੀਪੀਏਪੀ) ਦੇ ਪ੍ਰਧਾਨ ਗੁਲਾਮ ਨਬੀ ਆਜ਼ਾਦ ਨੇ ਜੰਮੂ-ਕਸ਼ਮੀਰ ਤੋਂ ਧਾਰਾ 370 ਹਟਾਉਣ ਦਾ ਵਿਰੋਧ ਕੀਤਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਜੰਮੂ-ਕਸ਼ਮੀਰ ਤੋਂ ਧਾਰਾ 370 ਹਟਾਉਣ ਦਾ ਸਮਰਥਨ ਕਰ ਰਹੇ ਹਨ, ਉਨ੍ਹਾਂ ਨੂੰ ਉੱਥੋਂ ਦੀ ਹਕੀਕਤ ਅਤੇ ਇਤਿਹਾਸ ਬਾਰੇ ਨਹੀਂ ਪਤਾ।

ਆਜ਼ਾਦ ਨੇ ਜੰਮੂ-ਕਸ਼ਮੀਰ ਦੇ ਡੋਡਾ ਜ਼ਿਲੇ ਵਿਚ ਇੱਕ ਰੈਲੀ ਵਿਚ ਕਿਹਾ ਕਿ ਧਾਰਾ 370 ਜੰਮੂ-ਕਸ਼ਮੀਰ ਲਈ ਫਾਇਦੇਮੰਦ ਸੀ। ਇਸ ਨੂੰ ਗੈਰ-ਸੰਵਿਧਾਨਕ ਅਤੇ ਜ਼ਬਰਦਸਤੀ ਹਟਾ ਦਿੱਤਾ ਗਿਆ ਸੀ। ਮੈਨੂੰ ਸੁਪਰੀਮ ਕੋਰਟ 'ਤੇ ਪੂਰਾ ਭਰੋਸਾ ਹੈ ਕਿ ਉਨ੍ਹਾਂ ਦਾ ਫੈਸਲਾ ਸਹੀ ਹੋਵੇਗਾ।

ਦਰਅਸਲ, ਧਾਰਾ 370 ਨੂੰ ਹਟਾਉਣ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀਆਂ 23 ਪਟੀਸ਼ਨਾਂ ਸੁਪਰੀਮ ਕੋਰਟ ਵਿਚ ਸੁਣਵਾਈ ਅਧੀਨ ਹਨ। ਪਿਛਲੀ ਸੁਣਵਾਈ 2 ਅਤੇ 3 ਅਗਸਤ ਨੂੰ ਹੋਈ ਸੀ। ਮਾਮਲੇ ਦੀ ਅਗਲੀ ਸੁਣਵਾਈ 8 ਅਗਸਤ ਨੂੰ ਹੋਵੇਗੀ।

ਗੁਲਾਮ ਨਬੀ ਨੇ ਕਿਹਾ ਕਿ ਧਾਰਾ 370 ਕਿਸੇ ਵਿਸ਼ੇਸ਼ ਧਰਮ ਜਾਂ ਖੇਤਰ ਲਈ ਨਹੀਂ, ਸਗੋਂ ਸਾਰੇ ਲੋਕਾਂ ਲਈ ਲਾਭਕਾਰੀ ਸੀ। ਆਜ਼ਾਦ ਨੇ ਅਨੰਤਨਾਗ ਵਿੱਚ ਸ਼ਹੀਦ ਹੋਏ ਤਿੰਨ ਜਵਾਨਾਂ ਨੂੰ ਵੀ ਸ਼ਰਧਾਂਜਲੀ ਦਿੱਤੀ। ਉਨ੍ਹਾਂ ਕਿਹਾ ਕਿ ਪਿਛਲੇ 6 ਮਹੀਨਿਆਂ ਤੋਂ ਅੱਤਵਾਦੀ ਹਮਲੇ ਵਧਣੇ ਸ਼ੁਰੂ ਹੋ ਗਏ ਹਨ।

# ਇਸਰੋ ਦੇ ਚੇਅਰਮੈਨ ਨੇ ਕਿਹਾ: 'ਸੈਟੇਲਾਈਟ ਠੀਕ ਤਰ੍ਹਾਂ ਕਰ ਰਿਹਾ ਹੈ ਕੰਮ, ਚੰਦਰਯਾਨ 3 ਦੀ ਪਹਿਲੀ ਤਸਵੀਰ ਵੀ ਕੀਤੀ ਜਾਰੀ



ਨਵੀਂ ਦਿੱਲੀ, 7 ਅਗਸਤ (ਪੋਸਟ ਬਿਊਰੋ): ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਦੇ ਚੇਅਰਮੈਨ ਐੱਸ. ਸੋਮਨਾਥ ਨੇ ਸੋਮਵਾਰ ਨੂੰ ਕਿਹਾ ਕਿ ਚੰਦਰਯਾਨ-3 ਉਪਗ੍ਰਹਿ ਠੀਕ ਹੈ ਅਤੇ ਵਧੀਆ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ, 'ਚੰਦਰਯਾਨ 3 ਦੇ ਸਾਰੇ ਯੰਤਰ ਠੀਕ ਤਰ੍ਹਾਂ ਕੰਮ ਕਰ ਰਹੇ ਹਨ।' ਇਸ ਤੋਂ ਪਹਿਲਾਂ ਐਤਵਾਰ ਨੂੰ ਇਸਰੋ ਨੇ ਐਲਾਨ ਕੀਤਾ ਸੀ ਕਿ ਐਤਵਾਰ ਨੂੰ ਚੰਦਰਯਾਨ 3 ਸੁਰੱਖਿਅਤ ਰੂਪ ਨਾਲ ਚੰਦਰਮਾ ਦੇ ਪੰਧ ਵਿੱਚ ਸ਼ਾਮਿਲ ਹੋ ਗਿਆ ਹੈ। ਚੰਦਰਯਾਨ 3 ਚੰਦਰਮਾ ਦੇ ਪੰਧ ਵਿੱਚ ਸਹੀ ਢੰਗ ਨਾਲ ਕੰਮ ਕਰ ਰਿਹਾ ਹੈ। ਇਸਰੋ ਅਨੁਸਾਰ, ਅਗਲਾ ਅਜਿਹਾ ਆਪ੍ਰੇਸ਼ਨ 9 ਅਗਸਤ ਨੂੰ ਕੀਤਾ ਜਾਵੇਗਾ, ਜਿਸ ਰਾਹੀਂ ਚੰਦਰਯਾਨ 3 ਚੰਦਰਮਾ ਦੀ ਸਤ੍ਹਾ 'ਤੇ ਉਤਰੇਗਾ। ਇਸਰੋ ਨੇ ਚੰਦਰਯਾਨ 3 ਦੀ ਪਹਿਲੀ ਤਸਵੀਰ ਵੀ ਜਾਰੀ ਕੀਤੀ ਹੈ। ਇਹ ਚੰਦਰਮਾ ਨੂੰ ਹਲਕੇ ਨੀਲੇ ਅਤੇ ਹਰੇ ਰੰਗ ਵਿਚ ਬਹੁਤ ਸਾਰੇ ਖੱਡਿਆਂ ਨਾਲ ਦਿਖਾਇਆ ਹੈ।

ਪੁਲਾੜ ਯਾਨ ਸਫਲਤਾਪੂਰਵਕ ਕੰਮ ਕਰ ਰਿਹਾ ਹੈ ਅਤੇ ਯੋਜਨਾ ਅਨੁਸਾਰ ਚੰਦਰਮਾ ਦੇ ਚੱਕਰ ਵਿਚ ਚੰਦਰਮਾ ਦੇ ਨੇੜੇ ਜਾ ਰਿਹਾ ਹੈ। ਇੰਜਨਾਂ ਦੀ ਰੀਟਰੋਫਾਇਰਿੰਗ ਨੇ ਵਾਹਨ ਨੂੰ ਚੰਦਰਮਾ ਦੀ ਸਤ੍ਹਾ ਦੇ ਨੇੜੇ ਲਿਆ ਦਿੱਤਾ ਹੈ ਜੋ ਹੁਣ 170 ਕਿਲੋਮੀਟਰ 4,313 ਕਿਲੋਮੀਟਰ ਹੈ। ਚੰਦਰਮਾ ਦੇ ਚੱਕਰ ਨੂੰ ਘਟਾਉਣ ਲਈ ਅਗਲਾ ਆਪਰੇਸ਼ਨ 9 ਅਗਸਤ ਨੂੰ ਕੀਤਾ ਜਾਵੇਗਾ। ਪੁਲਾੜ ਏਜੰਸੀ ਮੁਤਾਬਕ 17 ਅਗਸਤ ਤੱਕ ਇਸ ਤਰ੍ਹਾਂ ਦੀਆਂ ਤਿੰਨ ਕੋਸ਼ਿਸ਼ਾਂ ਕੀਤੀਆਂ ਜਾਣਗੀਆਂ। ਇਸ ਤੋਂ ਬਾਅਦ ਚੰਦਰਯਾਨ 3 ਨੂੰ ਚੰਦਰਮਾ ਦੀ ਸਤ੍ਹਾ 'ਤੇ ਉਤਾਰਿਆ ਜਾਵੇਗਾ, ਜਿਸ ਵਿਚ ਲੈਂਡਰ ਅਤੇ ਰੋਵਰ ਸ਼ਾਮਿਲ ਹਨ। ਇਸ ਦੌਰਾਨ, ਉਨ੍ਹਾਂ ਨੂੰ ਪ੍ਰੋਪਲਸ਼ਨ ਮਾਡਿਊਲ ਤੋਂ ਵੱਖ ਕੀਤਾ ਜਾਵੇਗਾ।

# ਫੌਜ ਨੇ ਐੱਲ.ਓ.ਸੀ. ਨੇੜੇ ਤਿੰਨ ਅੱਤਵਾਦੀਆਂ ਨੂੰ ਕੀਤਾ ਢੇਰ




ਸ਼੍ਰੀਨਗਰ, 7 ਅਗਸਤ (ਪੋਸਟ ਬਿਊਰੋ): ਭਾਰਤੀ ਫੌਜ ਅਤੇ ਜੰਮੂ-ਕਸ਼ਮੀਰ ਪੁਲਿਸ ਨੇ ਅੱਜ ਸਵੇਰੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਕੰਟਰੋਲ ਰੇਖਾ ਦੇ ਨਾਲ ਦੋ ਅੱਤਵਾਦੀਆਂ ਨੂੰ ਮਾਰ ਦਿੱਤਾ। ਇਹ ਅੱਤਵਾਦੀ ਐੱਲ.ਓ.ਸੀ. ਨੇੜੇ ਘੁਸਪੈਠ ਦੀ ਕੋਸ਼ਿਸ਼ ਕਰ ਰਹੇ ਸਨ। ਸ਼ਾਮ ਨੂੰ ਵੀ ਘੁਸਪੈਠ ਦੀ ਕੋਸ਼ਿਸ਼ ਕਰ ਰਹੇ ਇੱਕ ਅੱਤਵਾਦੀ ਨੂੰ ਮਾਰ ਦਿੱਤਾ ਗਿਆ।

ਜੰਮੂ ਦੇ ਪੀਆਰਓ ਲੈਫਟੀਨੈਂਟ ਕਰਨਲ ਸੁਨੀਲ ਬਾਰਟਵਾਲ ਨੇ ਦੱਸਿਆ ਕਿ ਕਾਰਵਾਈ ਅਜੇ ਵੀ ਜਾਰੀ ਹੈ। ਜੰਮੂ-ਕਸ਼ਮੀਰ 'ਚ ਪਿਛਲੇ 24 ਘੰਟਿਆਂ 'ਚ ਫੌਜ ਨੇ ਤਿੰਨ ਅੱਤਵਾਦੀਆਂ ਨੂੰ ਮਾਰ ਦਿੱਤਾ ਹੈ।

ਪੁਲਿਸ ਰਿਕਾਰਡ ਮੁਤਾਬਕ ਸਵੇਰੇ ਮਾਰੇ ਗਏ ਅੱਤਵਾਦੀਆਂ ਵਿਚੋਂ ਇਕ ਦੀ ਪਛਾਣ ਮੁਨੇਸਰ ਹੁਸੈਨ ਵਜੋਂ ਹੋਈ ਹੈ। ਉਹ ਹਿਜ਼ਬੁਲ ਮੁਜ਼ਾਹਿਦੀਨ ਦਾ ਖਤਰਨਾਕ ਅੱਤਵਾਦੀ ਅਤੇ ਡਿਵੀਜ਼ਨ ਕਮਾਂਡਰ ਸੀ। 5 ਅਗਸਤ ਨੂੰ ਰਾਜੌਰੀ ਵਿਚ ਫੌਜ ਅਤੇ ਅੱਤਵਾਦੀਆਂ ਵਿਚਾਲੇ ਹੋਏ ਮੁਕਾਬਲੇ 'ਚ ਇਕ ਅੱਤਵਾਦੀ ਮਾਰਿਆ ਗਿਆ ਸੀ। ਇਸ ਤੋਂ ਪਹਿਲਾਂ 4 ਅਗਸਤ ਨੂੰ ਕੁਲਗਾਮ ਵਿਚ ਅੱਤਵਾਦੀਆਂ ਨਾਲ ਮੁਕਾਬਲੇ ਵਿਚ ਤਿੰਨ ਜਵਾਨ ਸ਼ਹੀਦ ਹੋ ਗਏ ਸਨ।

# ਊਧਵ ਠਾਕਰੇ ਦੀ ਮਾਤੋਸ਼੍ਰੀ ਵਿਚ ਵੜ੍ਹਿਆ ਜ਼ਹਿਰੀਲਾ ਸੱਪ



ਮੁੰਬਈ, 7 ਅਗਸਤ (ਪੋਸਟ ਬਿਊਰੋ) ਸ਼ਿਵ ਸੈਨਾ (ਯੂ.ਬੀ.ਟੀ.) ਦੇ ਮੁਖੀ ਅਤੇ ਮਹਾਰਾਸ਼ਟਰ ਦੇ ਸਾਬਕਾ ਮੁੱਖ ਮੰਤਰੀ ਊਧਵ ਠਾਕਰੇ ਦੀ ਮੁੰਬਈ ਸਥਿਤ ਰਿਹਾਇਸ਼ ਮਾਤੋਸ਼੍ਰੀ ਵਿਚ ਜ਼ਹਿਰੀਲੇ ਸੱਪ 'ਕਿੰਗ ਕੋਬਰਾ' ਦੇ ਦਾਖਲ ਹੋਣ ਤੋਂ ਬਾਅਦ ਹੜਕੰਪ ਮੱਚ ਗਿਆ। ਐਤਵਾਰ ਨੂੰ ਮਾਤੋਸ਼੍ਰੀ ਵਿਚ 4 ਫੁੱਟ ਲੰਬਾ ਕੋਬਰਾ ਮਿਲਿਆ ਸੀ। ਦੁਪਹਿਰ ਕਰੀਬ 1:30 ਵਜੇ ਸੱਪ ਦੇ ਮਿਲਣ ਤੋਂ ਬਾਅਦ ਸ਼ਿਵ ਸੈਨਿਕਾਂ ਵੱਲੋਂ ਜੰਗਲੀ ਜੀਵ ਸੁਰੱਖਿਆ ਅਤੇ ਬਚਾਅ ਵਿਭਾਗ ਦੀ ਟੀਮ ਨੂੰ ਬੁਲਾਇਆ ਗਿਆ। ਜਿਸ ਤੋਂ ਬਾਅਦ ਮਾਹਿਰਾਂ ਦੀ ਟੀਮ ਸੱਪ ਨੂੰ ਫੜ੍ਹਨ ਲਈ ਉੱਥੇ ਪਹੁੰਚੀ।

ਮਾਤੋਸ਼੍ਰੀ ਵਿਚ ਪਾਣੀ ਦੀ ਟੈਂਕੀ ਦੇ ਪਿੱਛੇ ਇੱਕ ਕੋਬਰਾ ਸੱਪ ਲੁਕਿਆ ਹੋਇਆ ਸੀ। ਕੋਬਰਾ ਨੂੰ ਫੜ੍ਹਨ ਲਈ ਬਚਾਅ ਦਲ ਵੱਲੋਂ ਬਚਾਅ ਮੁਹਿੰਮ ਚਲਾਈ ਗਈ। ਕਾਫੀ ਕੋਸ਼ਿਸ਼ਾਂ ਤੋਂ ਬਾਅਦ ਕੋਬਰਾ ਬਚਾਅ ਟੀਮ ਦੇ ਹੱਥ ਲੱਗ ਗਿਆ। ਕੋਬਰਾ ਨੂੰ ਬਚਾਅ ਟੀਮ ਨੇ ਫੜ੍ਹ ਲਿਆ ਅਤੇ ਕਾਬੂ ਕਰ ਲਿਆ, ਜਿਸ ਤੋਂ ਬਾਅਦ ਇਸਨੂੰ ਜੰਗਲ ਵਿੱਚ ਛੱਡ ਦਿੱਤਾ ਗਿਆ। ਇਹ ਸਾਰੀ ਕਾਰਵਾਈ ਊਧਵ ਠਾਕਰੇ ਦੇ ਸਾਹਮਣੇ ਚੱਲੀ। ਇਸ ਦੌਰਾਨ ਉਨ੍ਹਾਂ ਦਾ ਛੋਟਾ ਬੇਟਾ ਤੇਜਸ ਠਾਕਰੇ ਵੀ ਮੌਜੂਦ ਸੀ।


VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd,
Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਨਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।



Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com





$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

# ਸ੍ਰੀ ਦਰਬਾਰ ਸਾਹਿਬ ਵਿਖੇ ਮਹਿੰਦਰਾ ਕੰਪਨੀ ਵੱਲੋਂ ਸਕਾਰਪੀਓ ਐਨ ਆਟੋਮੈਟਿਕ ਗੱਡੀ ਭੇਂਟ



ਅੰਮ੍ਰਿਤਸਰ, 7 ਅਗਸਤ (ਪੋਸਟ ਬਿਊਰੋ): ਸਿੱਖ ਧਰਮ ਦੇ ਕੇਂਦਰੀ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਮਹਿੰਦਰਾ ਕੰਪਨੀ ਵੱਲੋਂ ਸਕਾਰਪੀਉ ਐਨ ਆਟੋਮੈਟਿਕ ਗੱਡੀ ਭੇਟ ਕੀਤੀ ਗਈ। ਮਹਿੰਦਰਾ ਕੰਪਨੀ ਦੇ ਸੀਈਓ ਹਰੀਸ਼ ਸ਼ਵਨ ਤੇ ਮਹਿੰਦਰਾ ਐਂਡ ਮਹਿੰਦਰਾ ਵਲਰਡ ਵਾਈਡ ਦੇ ਐਮਡੀ ਇੰਦਰਬੀਰ ਸਿੰਘ ਅਨੰਦ ਨੇ ਗੱਡੀ ਦੀਆਂ ਚਾਬੀਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੀਆਂ।

ਇਸ ਮੌਕੇ ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ ਮਾਨਵਤਾ ਲਈ ਅਥਾਹ ਸ਼ਰਧਾ ਦੇ ਪ੍ਰਤੀਕ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰੋਜ਼ਾਨਾ ਲੱਖਾਂ ਸ਼ਰਧਾਲੂ ਆਪਣੀਆਂ ਭੇਟਾਵਾਂ ਲੈ ਕੇ ਪੁੱਜਦੇ ਹਨ। ਇਸੇ ਤਰ੍ਹਾਂ ਹੀ ਮਹਿੰਦਰਾ ਕੰਪਨੀ ਵੱਲੋਂ ਵੀ ਆਪਣੀ ਨਵੀਂ ਸਕਾਰਪੀਉ ਐਨ ਲੈਗਜ਼ਰੀ ਆਟੋਮੈਟਿਕ ਗੱਡੀ ਸੱਚਖੰਡ ਸ੍ਰੀ ਹਰਿ-ਮੰਦਰ ਸਾਹਿਬ ਲਈ ਭੇਟ ਕਰਕੇ ਸ਼ਰਧਾ ਪ੍ਰਗਟਾਈ ਗਈ ਹੈ।

ਉਨ੍ਹਾਂ ਕਿਹਾ ਕਿ ਮਹਿੰਦਰਾ ਕੰਪਨੀ ਵੱਲੋਂ ਇਸ ਤੋਂ ਪਹਿਲਾਂ ਵੀ ਸ੍ਰੀ ਦਰਬਾਰ ਸਾਹਿਬ ਲਈ ਗੱਡੀਆਂ ਭੇਟ ਕੀਤੀਆਂ ਗਈਆਂ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰੂ ਸਾਹਿਬ ਆਪਣੇ ਸ਼ਰਧਾਲੂਆਂ ’ਤੇ ਹਮੇਸ਼ਾ ਕਿਰਪਾ ਬਣਾਈ ਰੱਖਦੇ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਐਡਵੋਕੇਟ ਧਾਮੀ ਨੇ ਮਹਿੰਦਰਾ ਕੰਪਨੀ ਦੇ ਮਾਲਕਾਂ ਅਤੇ ਅਧਿਕਾਰੀਆਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਾਇਮਪੁਰਾ, ਜੂਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਰਿਆ, ਜਨਰਲ ਸਕੱਤਰ ਭਾਈ ਗੁਰ-ਚਰਨ ਸਿੰਘ ਗਰੇਵਾਲ, ਅੰਤ੍ਰਿੰਗ ਕਮੇਟੀ ਮੈਂਬਰ ਸ਼ੇਰ ਸਿੰਘ ਮੰਡਵਾਲਾ, ਜਰਨੈਲ ਸਿੰਘ ਕਰਤਾਰਪੁਰ, ਸੁਰਜੀਤ ਸਿੰਘ ਤੁਗਲਵਾਲ, ਪਰਮਜੀਤ ਸਿੰਘ ਖਾਲਸਾ, ਗੁਰਨਾਮ ਸਿੰਘ ਜੱਸਲ, ਸਕੱਤਰ ਪ੍ਰਤਾਪ ਸਿੰਘ, ਓਐਸਡੀ ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਕੁਲਵਿੰ-ਦਰ ਸਿੰਘ ਰਮਦਾਸ, ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਮਹਿੰਦਰਾ ਕੰਪਨੀ ਦੇ ਏਰੀਆ ਮੈਨੇਜਰ ਰਾਹੁਲ ਕਲਾਲ, ਸੁਪਰਡੰਟਮਲਕੀਤ ਸਿੰਘ ਬਹਿੜਵਾਲ ਤੇ ਹੋਰ ਮੌਜੂਦ ਸਨ।

# ਤਨਮਨਜੀਤ ਸਿੰਘ ਢੇਸੀ ਮੈਂਬਰ ਪਾਰਲੀਮੈਂਟ (ਯੂ.ਕੇ) ਸੁਖਦੇਵ ਸਿੰਘ ਢੀਂਡਸਾ ਨੂੰ ਮਿਲਣ ਉਨ੍ਹਾਂ ਦੀ ਰਿਹਾਇਸ਼ ’ਤੇ ਪਹੁੰਚੇ



ਚੰਡੀਗੜ੍ਹ 7 ਅਗਸਤ (ਪੋਸਟ ਬਿਊਰੋ): ਅੱਜ ਇੰਗਲੈਂਡ ਦੇ ਮੈਂਬਰ ਪਾਰਲੀਮੈਂਟ ਤਨਮਨਜੀਤ ਸਿੰਘ ਢੇਸੀ ਆਪਣੇ ਪਰਿਵਾਰ ਸਮੇਤ ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਪ੍ਰਧਾਨ ਸੁਖਦੇਵ ਸਿੰਘ ਢੀਂਡਸਾ ਨੂੰ ਉਨ੍ਹਾਂ ਦੀ ਚੰਡੀਗੜ੍ਹ ਸਥਿਤ ਰਿਹਾਇਸ਼ ‘ਤੇ ਮਿਲਣ ਲਈ ਪਹੁੰਚੇ। ਬੀਤੇ ਵੀਰਵਾਰ ਤਨਮਨਜੀਤ ਸਿੰਘ ਢੇਸੀ ਨੂੰ ਇਮੀਗ੍ਰੇਸ਼ਨ ਅਧਿਕਾਰੀਆਂ ਵੱਲੋਂ ਅੰਮ੍ਰਿਤਸਰ ਦੇ ਸ਼੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ‘ਤੇ ਰੋਕ ਲਿਆ ਗਿਆ ਸੀ।

ਜਿਸ ਦੇ ਬਾਅਦ ਸੁਖਦੇਵ ਸਿੰਘ ਢੀਂਡਸਾ ਨੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਫੋਰੀ ਗੱਲਬਾਤ ਕੀਤੀ ਅਤੇ ਸ. ਢੇਸੀ ਨੂੰ ਏਅਰਪੋਰਟ ਤੋਂ ਕਲੀਅਰਿੰਸ ਦੇ ਦਿੱਤੀ ਗਈ। ਅੱਜ ਤਨਮਨਜੀਤ ਸਿੰਘ ਢੇਸੀ ਆਪਣੇ ਪਰਿਵਾਰ ਸਮੇਤ ਵਿਸ਼ੇਸ਼ ਤੌਰ ਤੇ ਸੁਖਦੇਵ ਸਿੰਘ ਢੀਂਡਸਾ ਦਾ ਧੰਨਵਾਦ ਕਰਨ ਲਈ ਉਹਨਾਂ ਦੀ ਚੰਡੀਗੜ੍ਹ ਸਥਿਤ ਰਿਹਾਇਸ਼ ਤੇ ਪਹੁੰਚੇ ਅਤੇ ਦੋਵੇਂ ਆਗੂਆਂ ਦੀਆਂ ਪੰਥਕ ਮਸਲਿਆਂ ਤੋਂ ਇਲਾਵਾ ਵਿਦੇਸ਼ ਵਿੱਚ ਵੱਸਦੇ ਪੰਜਾਬੀਆਂ ਨੂੰ ਭਾਰਤ ਆਉਣ ਵੇਲੇ ਆ ਰਹੀਆਂ ਮੁਸ਼ਕਿਲਾਂ ‘ਤੇ ਵੀ ਵਿਚਾਰਾਂ ਵਟਾਂਦਰਾਂ ਕੀਤਾ ਗਿਆ।

ਇਸ ਦੌਰਾਨ ਤਨਮਨਜੀਤ ਸਿੰਘ ਢੇਸੀ ਨੇ ਢੀਂਡਸਾ ਨੂੰ ਇੰਗਲੈਂਡ ਆਉਣ ਦਾ ਵਿਸ਼ੇਸ਼ ਸੱਦਾ ਦਿੱਤਾ। ਇਸ ਮੌਕੇ ਪਰਮਿੰਦਰ ਸਿੰਘ ਢੀਂਡਸਾ, ਪਰਮਜੀਤ ਸਿੰਘ ਰਾਏਪੁਰ ਮੈਂਬਰ ਐਸਜੀਪੀਸੀ ਅਤੇ ਤਨਮਨਜੀਤ ਸਿੰਘ ਢੇਸੀ ਦੇ ਪਿਤਾ ਜਸਪਾਲ ਸਿੰਘ ਢੇਸੀ ਵੀ ਮੌਜੂਦ ਸਨ।

# ਨਸ਼ੇ ਦਾ ਵਿਰੋਧ ਕਰਨ ਵਾਲੇ ਨੌਜਵਾਨ ਦੇ ਕਤਲ ਮਾਮਲੇ ਵਿਚ ਪੰਜ ਗ੍ਰਿਫਤਾਰ



ਫਰੀਦਕੋਟ, 7 ਅਗਸਤ (ਪੋਸਟ ਬਿਊਰੋ): ਫਰੀਦਕੋਟ ਦੇ ਪਿੰਡ ਢਿੱਲਵਾਂ ਖੁਰਦ ਦੀ ਨਸ਼ਾ ਵਿਰੋਧੀ ਕਮੇਟੀ ਦੇ ਮੈਂਬਰ ਨੂੰ ਉਸ ਵਕਤ ਆਪਣੀ ਜਾਨ ਗੁਆਣੀ ਪਈ ਜਦੋ ਉਸ ਵੱਲੋਂ ਪਿੰਡ ‘ਚ ਵਿਕਦੇ ਨਸ਼ੇ ਨੂੰ ਲੈ ਕੇ ਨਸ਼ਾ ਤਸਕਰਾਂ ਦਾ ਵਿਰੋਧ ਕੀਤਾ ਅਤੇ ਇਸ ਤਕਰਾਰ ਦੌਰਾਨ ਨਸ਼ਾ ਵੇਚਣ ਵਾਲਿਆਂ ਨੇ ਗੋਲੀ ਮਾਰ ਕੇ ਹਰਭਗਵਾਨ ਸਿੰਘ ਦਾ ਕਤਲ ਕਰ ਦਿੱਤਾ।

ਪੁਲਿਸ ਨੇ ਇਸ ਮਾਮਲੇ ‘ਚ ਦੋ ਔਰਤਾਂ ਅਤੇ ਇੱਕ ਨਾਬਾਲਗ ਬੱਚੇ ਸਮੇਤ ਪੰਜ ਜਣਿਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ, ਜਿਸ ‘ਚ ਦੋ ਔਰਤਾਂ ਅਤੇ ਗੋਲੀ ਚਲਾਉਣ ਵਾਲੇ ਇੱਕ ਵਿਅਕਤੀ ਨੂੰ ਪਹਿਲਾਂ ਹੀ ਗ੍ਰਿਫਤਾਰ ਕਰ ਲਿਆ ਗਿਆ ਸੀ, ਪਰ ਦੋ ਜਣੇ ਫ਼ਰਾਰ ਚੱਲ ਰਹੇ ਸਨ ਜਿਨ੍ਹਾਂ ਨੂੰ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਹੈ। ਮਾਮਲੇ ਦੀ ਜਾਣਕਰੀ ਦਿੰਦੇ ਹੋਏ ਐਸਐਸਪੀ ਫਰੀਦਕੋਟ ਹਰਜੀਤ ਸਿੰਘ ਨੇ ਦੱਸਿਆ ਕਿ ਇਸ ਮਾਮਲੇ ‘ਚ ਮੁੱਖ ਦੋਸ਼ੀ ਅਵਤਾਰ ਸਿੰਘ ਤਾਰੀ ਜੋ ਨਸ਼ੇ ਦਾ ਕਾਰੋਬਾਰ ਕਰਦਾ ਸੀ ਅਤੇ ਇਸਦਾ ਸਾਥੀ ਅਮਨਦੀਪ ਸਿੰਘ ਜਿਸ ਵੱਲੋਂ ਗੋਲੀ ਚਲਾਈ ਗਈ ਸੀ ਅਤੇ ਦੋ ਔਰਤਾਂ ਜਿੰਨਾ ਵੱਲੋਂ ਇਨ੍ਹਾਂ ਨੂੰ ਉਕਸਾਇਆ ਗਿਆ ਸੀ ਅਤੇ ਜੋ ਇਸ ਮਾਮਲੇ ‘ਚ ਨਾਬਾਲਗ ਬੱਚਾ ਜੋ ਨਸ਼ੇ ਦੇ ਕਾਰੋਬਾਰ ਚ ਆਪਣੇ ਪਿਤਾ ਦਾ ਸਾਥ ਦੇਣ ਦੇ ਦੋਸ਼ਾਂ ਤਹਿਤ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਇਸ ਮਾਮਲੇ ‘ਚ ਕਤਲ ਵਰਤਿਆ ਦੇਸੀ ਪਿਸਤੌਲ ਵੀ ਬਰਾਮਦ ਕਰ ਲਿਆ ਗਿਆ ਹੈ, ਜਿਸ ਬਾਰੇ ਪਤਾ ਲੱਗਾ ਹੈ ਕੇ ਅਮਨਦੀਪ ਵੱਲੋਂ ਕੁਝ ਦਿਨ ਪਹਿਲਾਂ ਹੀ ਆਪਣੇ ਕਿਸੇ ਰਿਸ਼ਤੇਦਾਰ ਤੋਂ ਖਰੀਦਿਆ ਸੀ ਜਿਸ ਸੰਬੰਧੀ ਵੀ ਜਾਂਚ ਕੀਤੀ ਜਾ ਰਹੀ ਹੈ।






## ਪੰਜਾਬੀ ਪੋਸਟ CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

### ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

### ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

### ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






### ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਉਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਬੇ-ਆਸਰੇ ਲੋਕਾਂ ਅਤੇ ਵਾਤਾਵਰਣ ਨੂੰ ਸਮਰਪਿਤ ਸ਼ਖ਼ਸੀਅਤ ਭਗਤ ਪੂਰਨ ਸਿੰਘ


-ਡਾ.ਸਤਿੰਦਰ ਸਿੰਘ-

ਇਨਸਾਨੀਅਤ ਦੀ ਸੇਵਾ ਨੂੰ ਸਰਵ ਉੱਤਮ ਸੇਵਾ ਸਮਝ ਕੇ ਪੂਰਾ ਜੀਵਨ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਕਰਨ ਵਾਲੀ ਮਹਾਨ ਸ਼ਖ਼ਸੀਅਤ ਭਗਤ ਪੂਰਨ ਸਿੰਘ, ਜਿਹਨਾਂ ਦਾ ਜਨਮ ਮਾਤਾ ਮਹਿਤਾਬ ਕੌਰ ਜੀ ਦੀ ਕੁੱਖੋਂ ਪਿਤਾ ਭਾਈ ਛਿਬੂ ਮੱਲ ਦੇ ਘਰ 04 ਜੂਨ 1904 ਨੂੰ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਰਾਜੇਵਾਲ ਰੋਹਣੋ ਵਿਖੇ ਹੋਇਆ। ਪੂਰਾ ਜੀਵਨ ਮਾਨਵਤਾ ਦੇ ਲੇਖੇ ਲਾਉਣ ਵਾਲੇ ਭਗਤ ਜੀ ਨੂੰ ਬੇ-ਆਸਰੇ, ਅਪਾਹਜ ਅਤੇ ਰੋਗੀਆਂ ਦਾ ਮਸੀਹਾ ਅਤੇ ਮਹਾਨ ਕੁਦਰਤ ਪ੍ਰੇਮੀ ਕਿਹਾ ਜਾਂਦਾ ਹੈ। ਮਾਨ-ਵਤਾ ਦੀ ਸੇਵਾ ਦੀ ਗੁੜ੍ਹਤੀ ਇਨ੍ਹਾਂ ਮਾਂ ਦੀ ਗੋਦ ਵਿੱਚੋਂ ਹੀ ਲਈ, ਇਹਨਾਂ ਦੀ ਮਾਤਾ ਧਾਰਮਿਕ ਖਿਆਲਾਂ ਦੇ ਹੋਣ ਕਾਰਨ ਉਹਨਾਂ ਨੇ ਮਹਾਂਪੁਰਸ਼ਾ ਅਤੇ ਮਹਾਨ ਲੋਕਾਂ ਦੀਆਂ ਜੀਵਨੀਆਂ ਅਤੇ ਸਾਖੀਆਂ ਸੁਣਾ ਕੇ ਇਹਨਾਂ ਦੀ ਸ਼ਖ਼ਸੀਅਤ ਅਤੇ ਚਰਿੱਤਰ ਦਾ ਨਿਰਮਾਣ ਕੀਤਾ। 1904 ਵਿੱਚ ਇਨ੍ਹਾਂ ਦੇ ਜਨਮ ਤੋਂ ਥੋੜ੍ਹੀ ਦੇਰ ਬਾਅਦ ਦੇਸ਼ ਵਿੱਚ ਪਲੇਗ ਫੈਲੀ ਤਾਂ ਇਹਨਾਂ ਦੇ ਮਾਤਾ-ਪਿਤਾ ਨੇ ਇਹਨਾਂ ਨੂੰ ਗੋਦੀ ਵਿੱਚ ਚੁੱਕ ਕੇ ਹੀ ਪਲੇਗ ਪ੍ਰਭਾਵਿਤ ਲੋਕਾਂ ਦੀ ਸੇਵਾ ਕੀਤੀ। 1913 ਈਸਵੀ ਵਿੱਚ ਜਦੋਂ ਅਕਾਲ ਪਿਆ ਤਾਂ ਇਨ੍ਹਾਂ ਦੇ ਪਿਤਾ ਜੋ ਕਿੱਤੇ ਵਜੋਂ ਸ਼ਾਹੂਕਾਰ ਸੀ, ਉਨ੍ਹਾਂ ਨੇ ਲੋਕਾਂ ਨੂੰ ਭਾਰੀ ਮਾਤਰਾ ਵਿੱਚ ਖਾਣ-ਪੀਣ ਦਾ ਸਮਾਨ ਵੰਡ ਕੇ ਸਮਾਜ ਦੀ ਸੇਵਾ ਦੀ ਉਦਾਹਰਣ ਪੇਸ਼ ਕੀਤੀ। ਭਗਤ ਜੀ ਅਕਸਰ ਕਿਹਾ ਕਰਦੇ ਸੀ ਕਿ ਬਚਪਨ ਵਿੱਚ ਮੇਰੀ ਮਾਂ ਪਸ਼ੂਆਂ ਨੂੰ ਪਾਣੀ ਪਿਲਾਉਣ, ਰੁੱਖ ਲਗਾਉਣ, ਨਵੇਂ ਲੱਗੇ ਰੁੱਖਾਂ ਨੂੰ ਪਾਣੀ ਪਾਉਣ, ਪੰਛੀਆਂ ਲਈ ਚੋਗਾ ਪਾਉਣ ਅਤੇ ਸੜਕਾਂ 'ਤੇ ਪਏ ਕੰਡੇ ਅਤੇ ਰੋੜਾ ਵੱਟੇ ਚੁੱਕਣ ਦਾ ਕੰਮ ਕਰਨ ਲਈ ਉਪਦੇਸ਼ ਦਿੰਦੇ । ਅਜਿਹੇ ਕੰਮਾਂ ਨੂੰ ਦੇਖ ਕੇ ਭਗਤ ਜੀ ਨੇ ਆਪਣੇ ਜੀਵਨ ਵਿਚ ਸਮਾਜ ਭਲਾਈ ਦਾ ਪਿੰਗਲਵਾੜਾ ਸੰਸਥਾ ਦੇ ਰੂਪ ਵਿੱਚ ਅਜਿਹਾ ਬੂਟਾ ਲਾਇਆ, ਜੋ ਅੱਜ ਸਮੁੱਚੀ ਮਾਨਵਤਾ ਲਈ ਜਿਥੇ ਪ੍ਰੇਰਨਾ ਸਰੋਤ ਹੈ, ਉਥੇ ਹਜ਼ਾਰਾਂ ਬੇ-ਆਸਰੇ ਲੋਕਾਂ ਦੇ ਲਈ ਆਸਰਾ ਬਣਿਆ ਹੋਇਆ ਹੈ।

1913 ਈਸਵੀ ਦੇ ਅਕਾਲ ਤੋਂ ਬਾਅਦ ਇਨ੍ਹਾਂ ਦੇ ਪਰਿਵਾਰ ਦਾ ਸ਼ਾਹੂਕਾਰ ਦਾ ਕਾਰੋਬਾਰ ਬੰਦ ਹੋ ਗਿਆ। ਪਿਤਾ ਜੀ ਦੀ ਮੌਤ ਤੋਂ ਬਾਅਦ ਘਰ ਦੀ ਆਰਥਿਕ ਹਾਲਤ ਬੇਹੱਦ ਕਮਜ਼ੋਰ ਹੋ ਗਈ। ਪ੍ਰੰਤੂ ਮਾਤਾ ਜੀ ਨੇ ਲੋਕਾਂ ਦੇ ਘਰਾਂ ਵਿੱਚ ਕੰਮ ਕਰਕੇ ਕਠਿਨ ਹਾਲਾਤਾਂ ਵਿੱਚ ਵੀ ਭਗਤ ਜੀ ਦੀ 10ਵੀਂ ਜਮਾਤ ਤੱਕ ਦੀ ਪੜ੍ਹਾਈ ਜਾਰੀ ਰੱਖੀ।

ਖੰਨਾ ਦੇ ਨਜ਼ਦੀਕ ਗੁਰੂਦਵਾਰਾ ਰੇਰੂ ਸਾਹਿਬ ਦੇ ਸੇਵਾਦਾਰਾਂ ਵੱਲੋਂ ਕੀਤੀ ਜਾਂਦੀ ਸੇਵਾ ਅਤੇ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਸ਼ਹੀਦੀ ਜੋੜ ਮੇਲੇ ਤੋਂ ਪ੍ਰਭਾਵਿਤ ਹੋ ਕੇ ਇਨ੍ਹਾਂ ਦਾ ਝੁਕਾਅ ਸਿੱਖ ਧਰਮ ਵੱਲ ਹੋ ਗਿਆ।

ਖੰਨਾ ਤੋਂ ਲਾਹੌਰ ਪਹੁੰਚ ਕੇ ਭਗਤ ਜੀ ਨੇ 1924 ਵਿਚ ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਵਿੱਚ ਅਨੇਕਾਂ ਪ੍ਰਕਾਰ ਦੀ ਸੇਵਾ ਅਰੰਭ ਕਰ ਦਿੱਤੀ। ਦਿਨ ਦਾ ਸਮਾਂ ਲਾਇਬ੍ਰੇਰੀਆਂ ਦੀ ਪੜ੍ਹਾਈ ਵਿੱਚ ਵੀ ਲਗਾਉਣ ਲੱਗ ਪਏ ਅਤੇ ਉਨ੍ਹਾਂ ਨੇ ਇਥੇ ਹੀ ਦੇਸ਼ ਅਤੇ ਸੰਸਾਰ ਦੀਆਂ ਚਿੰਤਾਜਨਕ ਸਮੱਸਿਆਵਾਂ ਦਾ ਵੱਧ ਤੋਂ ਵੱਧ ਗਿਆਨ ਪ੍ਰਾਪਤ ਕੀਤਾ ਅਤੇ ਗਿਆਨ ਦਾ ਪ੍ਰਚਾਰ ਕਰਨ ਦੀ ਭਾਵਨਾ ਲੈ ਕੇ ਪੂਰਾ ਜੀਵਨ ਜਾਗਰੂਕਤਾ ਅਤੇ ਗਿਆਨ ਪ੍ਰਸਾਰ ਲਈ ਅਰਪਣ ਕਰ ਦਿੱਤਾ। 23 ਜੂਨ 1930 ਨੂੰ ਇਹਨਾਂ ਦੇ ਮਾਤਾ ਜੀ ਦੇ ਦਿਹਾਂਤ ਤੋਂ ਬਾਅਦ ਪੂਰਾ ਸਮਾਂ ਗੁਰਦੁਆਰਾ ਡੇਹਰਾ ਸਾਹਿਬ ਵਿੱਚ ਸੇਵਾ ਕਰਕੇ ਬਤੀਤ ਕਰਨ ਲੱਗੇ। 1934 ਈਸਵੀ ਵਿੱਚ ਕੱਤਕ ਦੀ ਪੂਰਨਮਾਸ਼ੀ ਵਾਲੇ ਦਿਨ ਇੱਕ ਲੂਲ੍ਹਾ ਬੱਚਾ ਤੜਕੇ ਹਨੇਰੇ ਵਿੱਚ ਗੁਰਦੁ-ਆਰਾ ਸਾਹਿਬ ਦੇ ਬਾਹਰ ਕੋਈ ਛੱਡ ਗਿਆ। ਇਹ ਬੱਚਾ ਨਾ ਤੁਰ ਫਿਰ ਸਕਦਾ , ਨਾ ਆਪੇ ਖਾ ਸਕਦਾ ਅਤੇ ਪਾਣੀ ਤੱਕ ਨਹੀਂ ਪੀ ਸਕਦਾ ਸੀ। ਗੁਰਦੁਆਰਾ ਪ੍ਰਬੰਧਕਾਂ ਨੇ ਇਸ ਬੱਚੇ ਨੂੰ ਯਤੀਮਖਾਨੇ ਅਤੇ ਹੋਰ ਥਾਵਾਂ ਤੇ ਛੱਡਣ ਦੀ ਕੋਸ਼ਿਸ਼ ਕੀਤੀ ਪਰੰਤੂ ਸਭ ਨੇ ਰੱਖਣ ਤੋਂ ਇਨਕਾਰ ਕਰ ਦਿੱਤਾ। ਆਖਿਰਕਾਰ ਉਸਦੀ ਜ਼ਿੰਮੇਵਾਰੀ ਭਗਤ ਜੀ ਨੇ ਸੰਭਾਲੀ ।ਉਸੇ ਦਾ ਨਾਮ ਪਿਆਰਾ ਰੱਖਿਆ ਅਤੇ ਉਸ ਨੂੰ 14 ਸਾਲ ਪਿੱਠ 'ਤੇ ਚੁੱਕੀ ਰੱਖਿਆ ਅਤੇ ਉਸ ਦੀ ਕੀਤੀ ਸੇਵਾ ਦੀ ਮਿਸਾਲ ਪੂਰੀ ਦੁਨੀਆ ਵਿੱਚ ਨਹੀਂ



ਮਿਲਦੀ। ਉਸ ਬੱਚੇ ਦੀ ਸੇਵਾ ਤੋਂ ਹੀ ਪਿੰਗਲਵਾੜੇ ਸੰਸਥਾ ਦਾ ਮੁੱਢ ਬੱਝਿਆ। ਅਗਸਤ 1947 ਵਿੱਚ ਦੇਸ਼ ਦੀ ਵੰਡ ਸਮੇਂ ਆਪ ਪਿਆਰਾ ਸਿੰਘ ਨੂੰ ਪਿੱਠ ਤੇ ਚੁੱਕ ਕੇ ਅਮ੍ਰਿਤਸਰ ਦੇ ਖਾਲਸਾ ਕਾਲਜ ਦੇ ਰਫਿਊਜੀ ਕੈਂਪ ਵਿੱਚ ਲਿਆਏ,ਜਿੱਥੇ 25 ਹਜ਼ਾਰ ਰਫਿਊਜੀ ਤਰਸਯੋਗ ਹਾਲਤ ਵਿੱਚ ਦਿਨ ਕੱਟ ਰਹੇ ਸਨ। ਇਹਨਾਂ ਨੇ ਜਿੱਥੇ ਪਿਆਰਾ ਸਿੰਘ ਦੀ ਸੇਵਾ ਕੀਤੀ, ਉਥੇ ਰਫਿਊਜੀਆ ਦੀ ਸੇਵਾ ਵਿੱਚ ਵੀ ਕੋਈ ਕਸਰ ਨਹੀਂ ਛੱਡੀ। ਆਪ ਜੀ ਨੇ ਇਸ ਕੈਂਪ ਵਿਚ ਮਰੀਜਾਂ ਦੇ ਗੰਦੇ ਕੱਪੜੇ ਸਾਫ਼ ਕਰਨਾ, ਰੋਗੀਆਂ ਨੂੰ ਨਹਾਉਣਾ , ਸਾਫ਼ ਕਰਨ ਦੀ ਸੇਵਾ ਅਤੇ ਮਲ੍ਹਮ ਪੱਟੀ ਕਰਨ ਦਾ ਕੰਮ ਪੂਰਾ ਦਿਨ ਕਰਦੇ। 31 ਦਸੰਬਰ 1947 ਨੂੰ ਕੈਂਪ ਬੰਦ ਹੋਣ ਤੋਂ ਬਾਅਦ ਇਨ੍ਹਾਂ ਨੇ ਰੇਲਵੇ ਸਟੇਸ਼ਨ ਦੇ ਵਲਗਨ ਅੰਦਰ ਹੀ ਬੇ-ਆਸਰੇ ਅਤੇ ਅਪਾਹਜ ਬੱਚਿਆ ਦੀ ਸੇਵਾ ਆਰੰਭ ਕਰ ਦਿੱਤੀ। 05 ਜ਼ਰੂਰਤਮੰਦ ਬੇਸਹਾਰਾ ਬੱਚਿਆਂ ਦੀ ਸੇਵਾ ਕਰਦੇ ਲਗਾਇਆ ਬੂਟਾ ਪਿੰਗਲਵਾੜਾ ਦੇ ਰੂਪ ਵਿੱਚ ਅੱਜ ਬੋਹੜ ਰੂਪੀ ਦਰਖ਼ਤ ਬਣ ਹਜ਼ਾਰਾਂ ਹੀ ਬੇਆਸਰਾ ਲੋਕਾਂ ਦਾ ਆਸਰਾ ਬਣ ਰਿਹਾ ਹੈ।

ਭਗਤ ਜੀ ਜਿੱਥੇ ਬੇ-ਆਸਰਿਆਂ ਦੇ ਮਸੀਹਾ ਸਨ, ਉੱਥੇ ਵਾਤਾਵਰਨ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਇਹਨਾਂ ਨੇ ਲਾਮਿਸਾਲ ਕੰਮ ਕੀਤਾ। ਅੱਜ ਤੋਂ 50 ਸਾਲ ਪਹਿਲਾਂ ਵਾਤਾਵਰਨ ਪ੍ਰਤੀ ਇਹਨਾਂ ਦੀਆਂ ਕੀਤੀਆਂ ਭਵਿੱਖ ਵਾਣੀਆ ਅੱਜ ਸੱਚ ਸਾਬਿਤ ਹੋ ਰਹੀਆਂ ਹਨ। ਸਮਾਜ ਨੇ ਇਹਨਾਂ ਦੀ ਦਿੱਤੀ ਸਲਾਹ ਅਤੇ ਚੇਤਾਵਨੀ ਦੀ ਪ੍ਰਵਾਹ ਨਹੀਂ ਕੀਤੀ। ਜਿਸ ਦੀ ਬਦੌਲਤ ਅੱਜ ਗਲੋਬਲ ਵਾਰਮਿੰਗ, ਵਾਤਾਵਰਨ ਪ੍ਰਦੂਸ਼ਣ, ਮੌਸਮੀ ਤਬਦੀਲੀ, ਪਾਣੀ ਦੀ ਕਮੀ, ਹੜ੍ਹ ਅਤੇ ਸੋਕੇ ਦੀ ਸਥਿਤੀ ਦਾ ਸਾਹਮਣਾ ਕਰਨਾ ਪੈ ਰਿਹਾ। ਭਗਤ ਜੀ ਨੇ ਪ੍ਰਦੂਸ਼ਣ, ਭੁੱਖਮਰੀ, ਬਾਲ ਮਜਦੂਰੀ ,ਗ਼ਰੀਬੀ, ਨਸ਼ਿਆ ਖਿਲਾਫ, ਵੱਧਦੀ ਆਬਾਦੀ ਦੇ ਨੁਕਸਾਨ ਅਤੇ ਸਿੱਖਿਆ ਦੀ ਮਹੱਤਤਾ ਦੇ ਪਰਚੇ ਵੰਡ ਕੇ ਜੋ ਪ੍ਰਚਾਰ ਕੀਤਾ, ਉਸ ਵਰਗੀ ਉਦਾਹਰਣ ਪੂਰੀ ਦੁਨੀਆਂ ਵਿੱਚ ਦੇਖਣ ਨੂੰ ਨਹੀਂ ਮਿਲਦੀ।

ਭਗਤ ਜੀ ਨੂੰ ਭਾਰਤ ਸਰਕਾਰ ਨੇ 1979 ਵਿੱਚ ਪਦਮ ਸ੍ਰੀ ਐਵਾਰਡ ਨਾਲ ਨਿਵਾਜਿਆ ਗਿਆ। ਪ੍ਰੰਤੂ 1984 ਦੇ ਸਾਕਾ ਨੀਲਾ ਤਾਰਾ ਦੀ ਦੁਖਦਾਈ ਘਟਨਾ ਦੇ ਰੋਸ ਵਜੋਂ ਇਹ ਐਵਾਰਡ ਵਾਪਸ ਕਰ ਦਿੱਤਾ ।

ਅੱਜ ਪਿੰਗਲਵਾੜਾ ਸੰਸਥਾ ਦਾ ਬੇਆ-ਸਰਾ ਲੋਕਾਂ ਲਈ ਆਸਰਾ, ਵਾਤਾਵਰਨ ਅਤੇ ਕੁਦਰਤ ਪ੍ਰੇਮ ਦਾ ਕੇਂਦਰ, ਅੰਗਹੀਣ ਅਤੇ ਵਿਸ਼ੇਸ਼ ਜ਼ਰੂਰਤਾਂ ਵਾਲੇ ਹਜ਼ਾਰਾਂ ਬੱਚਿਆਂ ਲਈ ਆਸ ਦੀ ਕਿਰਨ, ਕੁਦਰਤੀ ਖੇਤੀ ਦਾ ਕੇਂਦਰ ਅਤੇ ਸਿੱਖਿਆ ਦੇ ਪਸਾਰ ਦਾ ਕੇਂਦਰ ਬਣ ਚੁੱਕਿਆ ਹੈ।

05 ਅਗਸਤ 1992 ਨੂੰ ਭਗਤ ਜੀ ਦੇ ਅਕਾਲ ਚਲਾਣੇ ਤੋਂ ਬਾਅਦ ਇਹ ਸੇਵਾ ਬੀਬੀ ਡਾ. ਇੰਦਰਜੀਤ ਕੌਰ ਜੀ ਤਨ, ਮਨ, ਧਨ ਨਾਲ ਬਾਖੂਬੀ ਨਿਭਾ ਰਹੇ ਹਨ।

ਅੱਜ ਇਸ ਸੰਸਥਾ ਦੀਆ ਅੰਮ੍ਰਿਤਸਰ ਤੋਂ ਇਲਾਵਾ ਜਲੰਧਰ, ਮਾਨਾਂਵਾਲਾ, ਗੋਬਿੰਦਵਾਲ ਸਾਹਿਬ ਅਤੇ ਸੰਗਰੂਰ ਵਿਚ ਵੀ ਬਰਾਂਚਾ ਹਨ। ਜਿਹਨਾਂ ਵਿੱਚ 2000 ਦੇ ਕਰੀਬ ਲਾਵਾਰਿਸ ਮਰੀਜ਼ਾਂ ਅਤੇ ਬੱਚਿਆਂ ਦੀ ਸੰਭਾਲ ਦਾ ਕੰਮ ਸੰਸਥਾ ਕਰ ਰਹੀ ਹੈ।

ਭਗਤ ਪੂਰਨ ਸਿੰਘ ਜੀ ਨੂੰ ਸੱਚੀ ਸ਼ਰਧਾਂਜਲੀ ਇਹ ਹੈ ਕਿ ਅਸੀਂ ਉਨ੍ਹਾਂ ਦੇ ਦਰਸਾਏ ਮਾਰਗ ਤੇ ਚੱਲਦੇ ਹੋਏ ਪਲੀਤ ਹੋ ਰਹੇ ਵਾਤਾਵਰਨ ਨੂੰ ਬਚਾਉਣ ਲਈ ਯਤਨਸ਼ੀਲ ਹੋਈਏ। ਮਨੁੱਖਤਾ ਅਤੇ ਲੋੜਵੰਦਾਂ ਦੀ ਸੇਵਾ ਨੂੰ ਧਰਮ ਸਮਝੀਏ।

# ਕੀ ਹੈ ਸਿੱਖਿਆ ਦਾ ਅਧਿਕਾਰ (ਆਰ.ਟੀ.ਈ.) ਐਕਟ, 2009

-ਸੰਦੀਪ ਮੜਕਨ-

ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਮੌਜੂਦਾ ਸਮੇਂ ਚਲਾਈਆਂ ਜਾ ਰਹੀਆਂ ਵਿਸ਼ੇਸ਼ ਸਿੱਖਿਅਤ ਮੁਹਿੰਮਾਂ ਇਸ ਐਕਟ ਲਈ ਹੋ ਰਹੀਆਂ ਹਨ ਵਧੇਰੇ ਫਾਇਦੇਮੰਦ

ਸੰਵਿਧਾਨ (28ਵੀਂ ਸੋਧ) ਐਕਟ, 2002 ਨੇ ਭਾਰਤ ਦੇ ਸੰਵਿਧਾਨ ਵਿੱਚ ਧਾਰਾ 21-ਏ ਨੂੰ ਛੇ ਤੋਂ ਚੌਦਾਂ ਸਾਲ ਦੀ ਉਮਰ ਦੇ ਸਾਰੇ ਬੱਚਿਆਂ ਨੂੰ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਪ੍ਰਦਾਨ ਕਰਨ ਲਈ ਇੱਕ ਮੌਲਿਕ ਅਧਿਕਾਰ ਦੇ ਤੌਰ 'ਤੇ ਸ਼ਾਮਲ ਕੀਤਾ ਹੈ। ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ (ਆਰ.ਟੀ.ਈ.) ਐਕਟ, 2009, ਜੋ ਕਿ ਅਨੁਛੇਦ 21-ਏ ਦੇ ਤਹਿਤ ਪਰਿਣਾਮਿਕ ਕਾਨੂੰਨ ਦੀ ਨੁਮਾਇੰਦਗੀ ਕਰਦਾ ਹੈ, ਦਾ ਮਤਲਬ ਹੈ ਕਿ ਹਰੇਕ ਬੱਚੇ ਨੂੰ ਇੱਕ ਰਸਮੀ ਸਕੂਲ ਵਿੱਚ ਤਸੱਲੀਬਖਸ਼ ਅਤੇ ਬਰਾਬਰੀ ਵਾਲੀ ਗੁਣਵੱਤਾ ਦੀ ਪੂਰੇ ਸਮੇਂ ਦੀ ਮੁਢਲੀ ਸਿੱਖਿਆ ਦਾ ਅਧਿਕਾਰ ਹੈ।

ਧਾਰਾ 21-ਏ ਅਤੇ ਆਰਟੀਈ ਐਕਟ 1 ਅਪ੍ਰੈਲ 2010 ਨੂੰ ਲਾਗੂ ਹੋਇਆ। ਆਰਟੀਈ ਐਕਟ ਦੇ ਸਿਰਲੇਖ ਵਿੱਚ 'ਮੁਫ਼ਤ ਅਤੇ ਲਾਜ਼ਮੀ' ਸ਼ਬਦ ਸ਼ਾਮਲ ਹਨ। 'ਮੁਫ਼ਤ ਸਿੱਖਿਆ' ਦਾ ਮਤਲਬ ਹੈ ਕਿ ਕਿਸੇ ਵੀ ਵਿਦਿਆਰਥੀ ਨੂੰ ਸਰਕਾਰੀ ਸਕੂਲਾਂ ਵਿੱਚ ਅੱਠਵੀਂ ਤੱਕ ਕੋਈ ਵੀ ਫ਼ੀਸ ਨਹੀਂ ਲਈ ਜਾਵੇਗੀ। ਉਸ ਨੂੰ ਮੁਢਲੀ ਸਿੱਖਿਆ ਨੂੰ ਪੂਰਾ ਕਰਨ ਦਾ ਅਧਿਕਾਰ ਹੋਵੇਗਾ। 'ਲਾਜ਼ਮੀ ਸਿੱਖਿਆ' 6-14 ਉਮਰ ਵਰਗ ਦੇ ਸਾਰੇ ਬੱਚਿਆਂ ਲਈ ਦਾਖਲਾ, ਹਾਜ਼ਰੀ ਅਤੇ ਮੁਢਲੀ ਸਿੱਖਿਆ ਨੂੰ ਪੂਰਾ ਕਰਨ ਲਈ ਮੁਹੱਈਆ ਕਰਵਾਉਣ ਅਤੇ ਯਕੀਨੀ ਬਣਾਉਣ ਲਈ ਉਚਿਤ ਸਰਕਾਰ ਅਤੇ ਸਥਾਨਕ ਅਥਾਰਟੀਆਂ 'ਤੇ ਇੱਕ ਜ਼ਿੰਮੇਵਾਰੀ ਬਣਦੀ ਹੈ। ਇਸ ਦੇ ਨਾਲ, ਭਾਰਤ ਇੱਕ ਅਧਿਕਾਰ ਅਧਾਰਤ ਢਾਂਚੇ ਵੱਲ ਅੱਗੇ ਵਧਿਆ ਹੈ ਜੋ ਆਰਟੀਈ ਐਕਟ ਦੇ ਉਪਬੰਧਾਂ ਦੇ ਅਨੁਸਾਰ, ਸੰਵਿਧਾਨ ਦੇ ਅਨੁਛੇਦ 21ਏ ਵਿੱਚ ਦਰਜ ਇਸ ਬੁਨਿਆਦੀ ਬਾਲ ਅਧਿਕਾਰ ਨੂੰ ਲਾਗੂ ਕਰਨ ਲਈ ਕੇਂਦਰ ਅਤੇ ਰਾਜ ਸਰਕਾਰਾਂ 'ਤੇ ਕਾਨੂੰਨੀ ਜ਼ਿੰਮੇਵਾਰੀ ਨਿਭਾਉਂਦਾ ਹੈ।

ਐਕਟ ਰਾਹੀਂ ਕਈ ਤਰ੍ਹਾਂ ਦੀਆਂ ਸਹੂਲਤਾਂ ਮੁਹਈਆ ਕਰਵਾਈਆਂ ਜਾਂਦੀਆਂ ਹਨ।

ਆਂਢ-ਗੁਆਂਢ ਦੇ ਸਕੂਲ ਵਿੱਚ ਮੁਢਲੀ ਸਿੱਖਿਆ ਪੂਰੀ ਹੋਣ ਤੱਕ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ।

ਇਹ ਮੁਫਤ ਅਤੇ ਲਾਜ਼ਮੀ ਸਿੱਖਿਆ ਪ੍ਰਦਾਨ ਕਰਨ ਵਿੱਚ ਉਚਿਤ ਸਰਕਾਰਾਂ, ਸਥਾਨਕ ਅਥਾਰਟੀ ਅਤੇ ਮਾਪਿਆਂ ਦੇ ਕਰਤੱਵਾਂ ਅਤੇ ਜ਼ਿੰਮੇਵਾਰੀਆਂ ਨੂੰ ਦਰਸਾਉਂਦਾ ਹੈ ਅਤੇ ਕੇਂਦਰ ਅਤੇ ਰਾਜ ਸਰਕਾਰਾਂ ਵਿਚਕਾਰ ਵਿੱਤੀ ਅਤੇ ਹੋਰ ਜ਼ਿੰਮੇਵਾਰੀਆਂ ਨੂੰ ਸਾਂਝਾ ਕਰਦਾ ਹੈ।

ਇਹ ਵਿਦਿਆਰਥੀਆਂ ਦੇ ਅਧਿਆਪਕ ਅਨੁਪਾਤ (ਪੀ.ਟੀ.ਆਰ.), ਇਮਾਰਤਾਂ ਅਤੇ ਬੁਨਿਆਦੀ ਢਾਂਚੇ, ਸਕੂਲ-ਕੰਮ ਦੇ ਦਿਨ, ਅਧਿਆਪਕ-ਕੰਮ ਦੇ ਘੰਟਿਆਂ ਨਾਲ ਸਬੰਧਤ ਨਿਯਮਾਂ ਅਤੇ ਮਾਪਦੰਡਾਂ ਨੂੰ ਦਰਸਾਉਂਦਾ ਹੈ।

ਇਹ ਇਹ ਯਕੀਨੀ ਬਣਾ ਕੇ ਅਧਿਆਪਕਾਂ ਦੀ ਤਰਕਸੰਗਤ ਤੈਨਾਤੀ ਲਈ ਪ੍ਰਦਾਨ ਕਰਦਾ ਹੈ ਕਿ ਹਰੇਕ ਸਕੂਲ ਲਈ ਨਿਰਧਾਰਤ ਵਿਦਿਆਰਥੀ ਅਧਿਆਪਕ ਅਨੁਪਾਤ ਕਾਇਮ ਰੱਖਿਆ ਜਾਂਦਾ ਹੈ, ਨਾ ਕਿ ਰਾਜ ਜਾਂ ਜ਼ਿਲ੍ਹੇ ਜਾਂ ਬਲਾਕ ਲਈ ਔਸਤ ਦੇ ਤੌਰ 'ਤੇ, ਇਸ ਤਰ੍ਹਾਂ ਇਹ ਯਕੀਨੀ ਬਣਾਉਂਦਾ ਹੈ ਕਿ ਅਧਿਆਪਕਾਂ ਦੀ ਤਾਇਨਾਤੀ ਵਿੱਚ ਕੋਈ ਸ਼ਹਿਰੀ-ਪੇਂਡੂ ਅਸੰਤੁਲਨ ਨਹੀਂ ਹੈ। ਇਹ ਦਸ ਸਾਲ ਦੀ ਮਰਦਮਸ਼ੁਮਾਰੀ, ਸਥਾਨਕ ਅਥਾਰਟੀ, ਰਾਜ ਵਿਧਾਨ ਸਭਾਵਾਂ ਅਤੇ ਸੰਸਦ ਦੀਆਂ ਚੋਣਾਂ, ਅਤੇ ਆਫ਼ਤ ਰਾਹਤ ਤੋਂ ਇਲਾਵਾ ਗੈਰ-ਵਿਦਿਅਕ ਕੰਮਾਂ ਲਈ ਅਧਿਆਪਕਾਂ ਦੀ ਤਾਇਨਾਤੀ 'ਤੇ ਪਾਬੰਦੀ ਦੀ ਵੀ ਵਿਵਸਥਾ ਕਰਦਾ ਹੈ।

ਇਹ ਉਚਿਤ ਤੌਰ 'ਤੇ ਸਿਖਿਅਤ ਅਧਿਆਪਕਾਂ ਦੀ ਨਿਯੁਕਤੀ ਦੀ ਵਿਵਸਥਾ ਕਰਦਾ ਹੈ।

ਇਹ ਕੀ ਕੁਝ ਮਨਾਹੀ ਕਰਦਾ ਹੈ () ਸਰੀਰਕ ਸਜ਼ਾ ਅਤੇ ਮਾਨਸਿਕ ਪਰੇਸ਼ਾਨੀ; (ਬੀ) ਬੱਚਿਆਂ ਦੇ ਦਾਖਲੇ ਲਈ ਸਕ੍ਰੀਨਿੰਗ ਪ੍ਰਕਿਰਿਆਵਾਂ; () ਕੈਪੀਟੇਸ਼ਨ ਫੀਸ; (ਡੀ) ਅਧਿਆਪਕਾਂ ਦੁਆਰਾ ਪ੍ਰਾਈਵੇਟ ਟਿਊਸ਼ਨ ਅਤੇ (ਈ) ਪ੍ਰਾਈਵੇਟ ਸਕੂਲਾਂ ਨੂੰ ਮਾਨਤਾ ਤੋਂ ਬਿਨਾਂ ਸਕੂਲਾਂ ਨੂੰ ਚਲਾਉਣਾ,

ਇਹ ਸੰਵਿਧਾਨ ਵਿੱਚ ਦਰਜ ਮੁੱਲਾਂ ਦੇ ਅਨੁਕੂਲ ਪਾਠਕ੍ਰਮ ਦੇ ਵਿਕਾਸ ਲਈ ਪ੍ਰਦਾਨ ਕਰਦਾ ਹੈ, ਅਤੇ ਜੋ ਬੱਚੇ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਏਗਾ, ਬੱਚੇ ਦੇ ਗਿਆਨ, ਸਮਰੱਥਾ ਅਤੇ ਪ੍ਰਤਿਭਾ ਦਾ ਨਿਰਮਾਣ ਕਰੇਗਾ ਅਤੇ ਬੱਚੇ ਨੂੰ ਡਰ, ਸਦਮੇ ਅਤੇ ਚਿੰਤਾ ਤੋਂ ਮੁਕਤ ਕਰੇਗਾ। ਅੰਤ ਇਹ ਕਿ ਆਰ ਟੀਮ ਐਕਟ ਤਹਿਤ ਬਾਲ-ਅਨੁਕੂਲ ਅਤੇ ਬਾਲ ਕੇਂਦਰਿਤ ਸਿੱਖਿਆ ਦੀ ਇੱਕ ਪ੍ਰਣਾਲੀ ਦੀ ਅੱਜ ਦੇ ਸਮੇਂ ਵਿੱਚ ਬਹੁਤ ਜ਼ਰੂਰਤ ਹੈ। ਮੌਜੂਦਾ ਸਮੇਂ ਵਿੱਚ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਲਈ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਅਗਾਂਹ ਵਧੂ ਸੋਚ ਨੂੰ ਦਰਸਾਉਂਦੀ ਹੈ। ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਦਾਖ਼ਲਾ ਮੁਹਿੰਮ, ਪ੍ਰਾਈਵੇਟ ਸਕੂਲਾਂ ਵੱਲੋਂ ਆਰ ਟੀ ਐਕਟ ਦੀ ਪਾਲਣਾ ਕਰਵਾਉਣਾ, ਪ੍ਰਿੰਸੀਪਲਾਂ ਦਾ ਵਿਦੇਸ਼ੀ ਟੂਰ, ਵਿਦਿਆਰਥੀਆਂ ਨੂੰ ਇਸਰੋ ਦੀ ਵਿਜ਼ਟ,ਸਕੂਲਜ ਆਫ਼ ਐਮੀਨੈਂਸ ਆਦਿ ਮਿਆਰੀ ਸਿੱਖਿਆ ਪ੍ਰਦਾਨ ਕਰਨ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ।













ROYAL CANADIAN
International
CIRCUS™
UNDER THE BIG TOP
BRAMPTON & MISSISSAUGA
July 6–August 20
2 for 1
GENERAL ADMISSION
TICKETS
at royalcanadiancircus.ca with Promo Code Punjabi


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017